


ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ

# ਸੇਵਾ ਸਰਗਰਮੀਆਂ

ਲੜੀ ਨੰਬਰ 5, ਜੁਲਾਈ 2018 (ਸਾਵਣ, ਸੰਮਤ ਨਾਨਕਸ਼ਾਹੀ 550) । ਮੁੱਖ ਸੰਪਾਦਕ : ਦਿਲਜੀਤ ਸਿੰਘ ਬੇਦੀ । ਪ੍ਰਕਾਸ਼ਕ : ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ । ਫੋਨ- 01832553956-60 । ਈਮੇਲ- sgpcsargarmiya@gmail.com




## ਭਾਈ ਲੌਂਗੋਵਾਲ ਦੀ ਵੱਖ-ਵੱਖ ਸੂਬਿਆਂ 'ਚ ਫੇਰੀ ਦੂਰ ਵੱਸਦੇ ਸਿੱਖਾਂ ਨੂੰ ਕੇਂਦਰੀ ਸਥਾਨ ਨਾਲ ਜੋੜਨ ਦਾ ਸਬੱਬ ਬਣੇਗੀ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਦੇ ਨਾਲ-ਨਾਲ ਦੇਸ਼ ਦੇ ਹੋਰਨਾਂ ਸੂਬਿਆਂ ਅੰਦਰ ਵੀ ਧਰਮ ਪ੍ਰਚਾਰ ਦੇ ਵਿਸ਼ੇਸ਼ ਯਤਨ ਆਰੰਭੇ ਗਏ ਹਨ। ਸ਼੍ਰੋਮਣੀ ਕਮੇਟੀ ਇਸ ਇਤਿਹਾਸਕ ਮੌਕੇ 'ਤੇ ਗੁਰਮਤਿ ਫ਼ਲਸਫ਼ੇ ਦਾ ਵੱਧ ਤੋਂ ਵੱਧ ਪ੍ਰਚਾਰ ਕਰਨ ਲਈ ਵਚਨਬੱਧ ਹੈ। ਨਵੰਬਰ 2017 ਵਿਚ ਭਾਈ ਗੋਬਿੰਦ ਸਿੰਘ ਲੌਂਗੋਵਾਲ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਨਣ 'ਤੇ ਉਨ੍ਹਾਂ ਵੱਲੋਂ ਧਰਮ ਪ੍ਰਚਾਰ ਦੇ ਕਾਰਜ਼ਾਂ ਨੂੰ ਤਰਜੀਹੀ ਤੌਰ ਤੇ ਅਪਨਾਇਆ ਗਿਆ। ਉਨ੍ਹਾਂ ਨੇ ਧਰਮ ਪ੍ਰਚਾਰ ਕਾਰਜਾਂ ਵਿਚ ਤੇਜੀ ਲਿਆਂਦੀ। ਇਸ ਲਈ ਨਵੀਂ ਵਿਉਂਤਬੰਦੀ ਨਾਲ ਧਰਮ ਪ੍ਰਚਾਰ ਲਹਿਰ ਅਰੰਭ ਕਰਨ ਦਾ ਫੈਸਲਾ ਕੀਤਾ ਗਿਆ। ਜਿਥੇ ਰਵਾਇਤੀ ਤਰੀਕਿਆਂ ਨਾਲ ਗੁਰਮਤਿ ਸਮਾਗਮ ਜਾਰੀ ਰੱਖੇ ਉਥੇ ਨੌਜਵਾਨਾ ਨੂੰ ਵਿਰਸੇ ਨਾਲ ਜੋੜਣ ਲਈ ਕਈ ਪ੍ਰੋਗਰਾਮ ਉਲੀਕੇ ਗਏ। ਇਹ ਪਹਿਲੀ ਵਾਰ ਸੀ ਕਿ ਪ੍ਰਧਾਨ ਜੀ ਦੀ ਪ੍ਰੇਰਨਾ ਨਾਲ ਸ਼੍ਰੋਮਣੀ ਕਮੇਟੀ ਦੇ ਪ੍ਰਚਾਰਕ, ਢਾਡੀ ਅਤੇ ਕਵੀਸ਼ਰ ਸਾਹਿਬਾਨ ਨੇ ਪਿੰਡਾਂ ਦੀਆਂ ਸੱਥਾਂ, ਖੇਡ ਮੈਦਾਨਾਂ ਅਤੇ ਘਰ-ਘਰ ਜਾ ਕੇ ਨੌਜਵਾਨਾਂ ਨੂੰ ਵਿਰਸੇ ਨਾਲ ਜੋੜਨ ਦਾ ਜਤਨ ਕੀਤਾ। ਇਹ ਹਕੀਕਤ ਹੈ ਕਿ ਅੱਜ ਸਾਡੇ ਬੱਚੇ ਗੁਰਦੁਆਰਾ ਸਾਹਿਬਾਨ 'ਚ ਗੁਰਮਤਿ ਸਮਾਗਮਾਂ ਵਿਚ ਨਹੀਂ ਆਉਂਦੇ। ਇਸ ਲਈ ਉਨ੍ਹਾਂ ਤੱਕ ਪਹੁੰਚ ਕਰਨ ਲਈ ਇਹ ਤਰੀਕਾ ਕਾਰਗਰ ਸਾਬਤ ਹੋ ਰਿਹਾ ਹੈ। ਸਕੂਲਾਂ ਕਾਲਜਾਂ ਵਿਚ ਨੌਜਵਾਨੀ ਨਾਲ ਸੰਵਾਦ ਰਚਾ ਗੁਰਬਾਣੀ ਅਤੇ ਸਿੱਖ ਇਤਿਹਾਸ ਨਾਲ ਜੋੜਣ ਦੇ ਨਾਲ-ਨਾਲ ਆਪਣੇ ਅਮੀਰ ਵਿਰਸੇ ਤੋਂ ਜਾਣੂ ਕਰਵਾਇਆ ਜਾ ਰਿਹਾ ਹੈ। ਇਸੇ ਤਰ੍ਹਾਂ ਪਾਠਬੋਧ ਸਮਾਗਮਾਂ ਰਾਹੀਂ ਗ੍ਰੰਥੀ ਤੇ ਅਖੰਡਪਾਠੀ ਸਿੰਘਾਂ ਵਿਚ ਇਕ ਸਾਰਤਾ ਲਿਆਉਣ ਦਾ ਜਤਨ ਕੀਤਾ ਗਿਆ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਨਿਰਦੇਸ਼ਾਂ ਤਹਿਤ ਧਰਮ ਪ੍ਰਚਾਰ ਕਮੇਟੀ ਵੱਲੋਂ ਵੱਡੇ ਪੱਧਰ ਤੇ ਸਮਰ ਕੈਂਪ ਲਗਾ ਕੇ ਬੱਚਿਆਂ ਨੂੰ ਸਿੱਖ ਵਿਰਸੇ ਨਾਲ ਜੋੜਨ ਦਾ ਉਪਰਾਲਾ ਅਰੰਭਿਆ ਹੋਇਆ ਹੈ। ਪੰਜਾਬ ਸਮੇਤ ਦੇਸ ਦੇ ਹਰ ਕੋਨੇ ਵਿਚ ਜਿਥੇ ਸਿੱਖ ਵਸਦੇ ਹਨ ਇਹ ਕੈਂਪ ਲਗਾਏ ਤੇ ਲਗਾਏ ਜਾ ਰਹੇ ਹਨ। ਧਰਮ ਪ੍ਰਚਾਰ ਕਮੇਟੀ ਵੱਲੋਂ ਇਨ੍ਹਾਂ ਕੈਂਪਾਂ ਵਿਚ ਹਜ਼ਾਰਾਂ ਬੱਚਿਆਂ ਨੇ ਹਿੱਸਾ ਲਿਆ ਹੈ।

ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਧਰਮ ਪ੍ਰਚਾਰ ਕਾਰਜਾਂ ਲਈ ਕਿਨ੍ਹੇ ਸੁਹਿਰਦ ਹਨ ਇਸ ਗਲ ਦਾ ਅੰਦਾਜਾ ਉਨ੍ਹਾਂ ਦੇ ਰੋਜ ਦੇ ਰੁਝੇਵਿਆਂ ਤੋਂ ਲਗਾਇਆ ਜਾ ਸਕਦਾ ਹੈ। ਉਹ ਜਿਥੇ ਪੰਜਾਬ ਵਿਚ ਹੁੰਦੇ ਗੁਰਮਤਿ ਸਮਾਗਮਾਂ ਅਤੇ ਕੈਂਪਾਂ ਵਿਚ ਹਾਜ਼ਰੀ ਭਰਦੇ ਹਨ ਉਥੇ ਪੰਜਾਬ ਤੋਂ ਬਾਹਰ ਗੁਰਮਤਿ ਸਮਾਗਮਾਂ ਵਿਚ ਸ਼ਮੂਲੀਅਤ ਕਰਕੇ ਉਥੋਂ ਦੇ ਸਿੱਖਾਂ ਨੂੰ ਅਪਨੱਤ ਦਾ ਅਹਿਸਾਸ ਕਰਵਾਉਂਦੇ ਹਨ। ਪਿਛਲੇ ਦਿਨੀ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਆਪਣੇ ਸਾਥੀਆਂ ਨਾਲ ਵੱਖ-ਵੱਖ ਰਾਜਾਂ ਦੇ ਦੌਰੇ ਤੇ ਗਏ। ਉਤਰ ਪ੍ਰਦੇਸ਼ ਦੇਸ ਦਾ ਇਕ ਵੱਡਾ ਸੂਬਾ ਹੈ ਜਿਥੇ ਸਿੱਖਾਂ ਦੀ ਕਾਫੀ ਗਿਣਤੀ ਹੈ। ਇਥੇ ਧਰਮ ਪ੍ਰਚਾਰ ਕਮੇਟੀ ਵੱਲੋਂ ਹਾਪੁੜ ਵਿਖੇ ਸਿੱਖ ਮਿਸ਼ਨ ਦੀ ਸਥਾਪਨਾ ਕੀਤੀ ਗਈ ਹੈ। ਧਰਮ ਪ੍ਰਚਾਰ ਲਹਿਰ ਨੂੰ ਅਧੁਨਿਕ ਤਰੀਕੇ ਨਾਲ ਤੋਰਨ ਲਈ ਇਸ ਦਫ਼ਤਰ ਦੀ ਨਵੀਂ ਇਮਾਰਤ ਦਾ ਉਦਘਾਟਨ ਸ਼੍ਰੋਮਣੀ ਕਮੇਟੀ ਪ੍ਰਧਾਨ ਵੱਲੋਂ ਕੀਤਾ ਗਿਆ। ਇਸ ਦੇ ਨਾਲ ਹੀ ਉੱਤਰ ਪ੍ਰਦੇਸ਼ ਅੰਦਰ ਧਰਮ ਪ੍ਰਚਾਰ ਦੇ ਕਾਰਜਾਂ ਨੂੰ ਹੋਰ ਸੁਚਾਰੂ ਢੰਗ ਨਾਲ ਅੱਗੇ ਤੋਰਨ ਲਈ ਲਖਨਊ ਵਿਖੇ ਉਪ-ਦਫ਼ਤਰ ਵੀ ਖੋਲ੍ਹਿਆ ਗਿਆ ਹੈ। ਇਸੇ ਤਰ੍ਹਾਂ ਉਤਰਾਖੰਡ ਵਿਖੇ ਸਥਿਤ ਸਿੱਖ ਮਿਸ਼ਨ ਕਾਸ਼ੀਪੁਰ ਦੇ ਦਫ਼ਤਰ ਦਾ ਉਦਘਾਟਨ ਵੀ ਕੀਤਾ ਗਿਆ। ਜਿਥੇ ਪੰਜਾਬੀ ਦੇ ਨਾਲ-ਨਾਲ ਹਿੰਦੀ ਭਾਸ਼ਾ ਦੀ ਜਾਣਕਾਰੀ ਰੱਖਣ ਵਾਲੇ ਧਰਮ ਪ੍ਰਚਾਰਕ, ਢਾਡੀ ਅਤੇ ਕਵੀਸ਼ਰ ਜਥੇ ਭੇਜ ਕੇ ਧਰਮ ਪ੍ਰਚਾਰ ਕਾਰਜਾਂ ਵਿਚ ਤੇਜੀ ਲਿਆਂਦੀ ਜਾਵੇਗੀ।

ਮੱਧ ਪ੍ਰਦੇਸ਼ ਦੇ ਇਤਿਹਾਸਕ ਨਗਰ ਧਾਰ ਤੋਂ 10 ਕਿਲੋਮੀਟਰ ਦੂਰ ਇਤਿਹਾਸਕ ਅਸਥਾਨ ਗੁਰਦੁਆਰਾ ਬੇਟਮਾ ਸਾਹਿਬ ਵਿਖੇ ਬਣ ਰਹੇ ਦਰਬਾਰ ਹਾਲ ਦੀ ਦੀ ਕਾਰ ਸੇਵਾ ਦੀ ਆਰੰਭਤਾ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਵਿਸ਼ੇਸ ਤੌਰ ਤੇ ਹਾਜ਼ਰੀ ਭਰੀ। ਇਸ ਮੌਕੇ ਇੰਦੌਰ, ਮਹੂ, ਬੜਵਾਹ, ਧਾਰ ਉਜੈਨ ਆਦਿ ਸ਼ਹਿਰਾਂ ਤੋਂ ਵੱਡੀ ਗਿਣਤੀ ਸਿੱਖ ਸੰਗਤਾਂ ਨੇ ਬੜੇ ਉਤਸ਼ਾਹ ਨਾਲ ਹਿੱਸਾ ਲਿਆ। ਜੰਮੂ ਕਸ਼ਮੀਰ ਦੇ ਬਾਰਾਮੂਲਾ 'ਚ ਇਤਿਹਾਸਿਕ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਵਿਖੇ ਸਥਾਨਕ ਸੰਗਤਾਂ ਵੱਲੋਂ ਕਰਵਾਏ ਗਏ ਗੁਰਮਤਿ ਸਮਾਗਮ ਵਿਚ ਹਾਜ਼ਰੀ ਭਰਦਿਆਂ ਸਥਾਨਕ ਸਿੱਖਾਂ ਦੀਆਂ ਸਮੱਸਿਆਵਾਂ ਸਮਝਣ ਦਾ ਯਤਨ ਕੀਤਾ ਅਤੇ ਸੰਗਤਾਂ ਨੂੰ ਵਿਸ਼ਵਾਸ ਦਿਵਾਇਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਉਨ੍ਹਾਂ ਦੇ ਮਸਲਿਆਂ ਨੂੰ ਸਰਕਾਰਾਂ ਤੱਕ ਲਿਜਾਣ ਲਈ ਕਾਰਵਾਈ ਕੀਤੀ ਜਾਵੇਗੀ।

ਇਸੇ ਤਰ੍ਹਾਂ ਅਨੇਕਾਂ ਹੋਰ ਥਾਵਾਂ ਤੇ ਵੀ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਗੁਰਮਤਿ ਸਮਾਗਮਾਂ ਵਿਚ ਸ਼ਮੂਲੀਅਤ ਕੀਤੀ। ਉਨ੍ਹਾਂ ਦੀ ਸ਼ਮੂਲੀਅਤ ਨਾਲ ਸਮਾਗਮਾਂ ਦੇ ਪ੍ਰਬੰਧਕਾਂ ਅਤੇ ਫੀਲਡ ਵਿਚ ਕੰਮ ਕਰਨ ਵਾਲੇ ਪ੍ਰਚਾਰਕਾਂ ਨੂੰ ਉਤਸ਼ਾਹ ਮਿਲਿਆ। ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਵਿਚ ਧਰਮ ਪ੍ਰਚਾਰ ਕਮੇਟੀ ਵੱਲੋਂ ਅਰੰਭੇ ਗਏ ਇਹ ਕਾਰਜ਼ ਨਿਰਸੰਦੇਹ ਚੰਗੇ ਨਤੀਜੇ ਦੇਣਗੇ। ਸ਼੍ਰੋਮਣੀ ਕਮੇਟੀ ਵੱਲੋਂ ਅਰੰਭੇ ਗਏ ਇਨ੍ਹਾਂ ਕਾਰਜ਼ਾਂ ਦੀ ਸਫਲਤਾ ਲਈ ਸੰਗਤਾਂ ਦੇ ਸਹਿਯੋਗ ਦੀ ਵੱਡੀ ਲੋੜ ਹੈ। ਇਸ ਲਈ ਗੁਰੂ ਸਾਹਿਬ ਵੱਲੋਂ ਬਖਸ਼ੇ ਸਿਧਾਂਤਾਂ ਦੀ ਗਲ ਘਰ-ਘਰ ਪਹੁੰਚਾਉਣ ਲਈ ਆਓ ਸ਼੍ਰੋਮਣੀ ਕਮੇਟੀ ਵੱਲੋਂ ਉਲੀਕੇ ਗੁਰਮਤਿ ਸਮਾਗਮਾਂ ਵਿਚ ਭਾਗੀਦਾਰ ਬਣੀਏ।

-ਦਿਲਜੀਤ ਸਿੰਘ 'ਬੇਦੀ'

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਲਹਿਰ ਨੂੰ ਨਵੀਂ ਦਿਸ਼ਾ ਦੇ ਰਹੇ ਹਨ ਪਾਠ ਬੋਧ ਸਮਾਗਮ

ਪਿਛਲੇ ਸਮੇਂ ਦੌਰਾਨ ਜਿੱਥੇ ਜਾਤਾਂ-ਪਾਤਾਂ ਅਤੇ ਰਾਜਨੀਤਕ ਧੜਿਆਂ ਦੇ ਆਧਾਰ 'ਤੇ ਇਕ-ਇਕ ਪਿੰਡ 'ਚ ਕਈ-ਕਈ ਗੁਰਦੁਆਰਾ ਸਾਹਿਬ ਉਸਾਰੇ ਗਏ, ਉਥੇ ਪੰਜਾਬ ਦੇ ਬਹੁਤ ਸਾਰੇ ਗੁਰਦੁਆਰਿਆਂ ਦੇ ਗ੍ਰੰਥੀ ਸਿੰਘ ਅਸਿੱਖਿਅਤ, ਸਿੱਖ ਧਰਮ ਦੇ ਪ੍ਰਚਾਰ-ਪ੍ਰਸਾਰ ਅਤੇ ਗੁਰਬਾਣੀ ਦੇ ਚਾਨਣ ਨੂੰ ਸਹੀ ਰੂਪ ਵਿਚ ਮਨੁੱਖਤਾ ਵਿਚ ਵੰਡਣ ਦੀਆਂ ਅਹਿਮ ਜ਼ਿੰਮੇਵਾਰੀਆਂ ਤੋਂ ਅਨਜਾਣ ਦੇਖੇ ਜਾਂਦੇ ਰਹੇ ਹਨ। ਹਾਲਾਂਕਿ ਰਵਾਇਤੀ ਤੌਰ 'ਤੇ ਟਕਸਾਲਾਂ, ਨਿਰਮਲੇ ਅਤੇ ਹੋਰ ਸਿੱਖ ਸੰਪਰਦਾਵਾਂ ਦੀ ਸਿੱਖਿਅਤ ਅਤੇ ਨਿਪੁੰਨ ਗ੍ਰੰਥੀ-ਭਾਈ ਤਿਆਰ ਕਰਨ ਅਤੇ ਪੰਜਾਬੀ ਮਾਂ-ਬੋਲੀ ਦੇ ਪ੍ਰਸਾਰ ਵਿਚ ਵੱਡੀ ਦੇਣ ਰਹੀ ਹੈ। ਪਿਛਲੇ ਕੁਝ ਅਰਸੇ ਤੋਂ ਵੱਧਦੀ ਬੇਰੁਜ਼ਗਾਰੀ ਦੇ ਪ੍ਰਭਾਵ ਕਾਰਨ ਇਹ ਆਮ ਪ੍ਰਭਾਵ ਬਣ ਗਿਆ ਹੈ ਕਿ ਸਭ ਤੋਂ ਸੌਖਾ ਕੰਮ ਗ੍ਰੰਥੀ ਸਿੰਘ ਬਣਨਾ ਹੈ। ਪੰਜਾਬੀ ਲਿਖਣ, ਪੜ੍ਹਨ ਦੀ ਥੋੜ੍ਹੀ ਜਿਹੀ ਸੋਝੀ ਨੂੰ ਹੀ ਗ੍ਰੰਥੀ ਸਿੰਘ ਬਣਨ ਦੀ ਯੋਗਤਾ ਸਮਝ ਲਿਆ ਜਾਂਦਾ ਹੈ, ਜਦੋਂ ਕਿ ਗੁਰਬਾਣੀ ਦੀ ਇਕ ਆਪਣੀ ਸ਼ੈਲੀ ਅਤੇ ਵਿਆਕਰਨ ਹੈ। ਗੁਰਬਾਣੀ ਪਾਠ ਬੋਧ ਤੇ ਵਿਆਕਰਨ ਦੇ ਗਿਆਨ ਤੋਂ ਬਗ਼ੈਰ ਸ਼ੁੱਧ ਗੁਰਬਾਣੀ ਉਚਾਰਨ ਅਤੇ ਇਸ ਦੇ ਅਰਥ ਹਾਸਲ ਨਹੀਂ ਕੀਤੇ ਜਾ ਸਕਦੇ। ਦੇਖਣ ਵਿਚ ਆਇਆ ਹੈ ਕਿ ਪਿੰਡਾਂ, ਕਸਬਿਆਂ ਦੇ ਬਹੁਤੇ ਗ੍ਰੰਥੀ ਸਿੰਘ ਸ਼ੁੱਧ ਗੁਰਬਾਣੀ ਉਚਾਰਨ ਨਾ ਕਰ ਸਕਣ ਕਾਰਨ ਖ਼ੁਦ ਹੀ ਗੁਰਬਾਣੀ ਦੇ ਸ਼ਾਬਦਿਕ ਅਰਥਾਂ ਦੀ ਸਹੀ ਸਮਝ ਨਹੀਂ ਰੱਖਦੇ। ਇਸ ਤਰ੍ਹਾਂ ਪਿੰਡਾਂ, ਕਸਬਿਆਂ ਦੇ ਗ੍ਰੰਥੀ ਸਿੰਘਾਂ ਦੇ ਗੁਰਬਾਣੀ ਉਚਾਰਨ, ਲਗਾ-ਮਾਤਰਾ, ਵਿਸ਼ਰਾਮ, ਗੁਰਬਾਣੀ ਵਿਆਕਰਨ ਅਤੇ ਵਿਆਖਿਆ ਵਿਚ ਵੀ ਬਹੁਤ ਸਾਰੇ ਭਿੰਨ-ਭੇਦ ਪੈਦਾ ਹੋ ਗਏ ਹਨ, ਜੋ ਕਿ ਗੁਰਬਾਣੀ ਦੇ ਜਗਿਆਸੂਆਂ ਅਤੇ ਅਭਿਆਸੀਆਂ ਲਈ ਦੁਬਿਧਾ ਪੈਦਾ ਕਰਦੇ ਹਨ।




**ਗੁਰਬਾਣੀ ਸ਼ੁੱਧ ਉਚਾਰਨ ਦਾ ਇਤਿਹਾਸਕ ਮਹਾਤਮ-** ਸਿੱਖ ਧਰਮ ਨੂੰ ਇਹ ਸੁਭਾਗ ਹਾਸਲ ਹੈ ਕਿ ਸਾਡੇ ਗੁਰੂ ਸਾਹਿਬਾਨ ਵਲੋਂ ਉਚਾਰੀ ਹੋਈ ਇਲਾਹੀ ਬਾਣੀ ਜਿਉਂ ਦੀ ਤਿਉਂ ਸਾਡੇ ਕੋਲ ਮੌਜੂਦ ਹੈ। ਪੰਜਵੇਂ ਪਾਤਿਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਭਾਈ ਗੁਰਦਾਸ ਜੀ ਨੂੰ ਲਿਖਾਰੀ ਬਣਾ ਕੇ ਨਾ-ਸਿਰਫ਼ ਆਪਣੀ ਹਜ਼ੂਰੀ ਵਿਚ 'ਧੁਰ ਕੀ ਬਾਣੀ' ਨੂੰ ਕਲਮਬੰਦ ਕਰਵਾਇਆ, ਸਗੋਂ ਨਾਲ-ਨਾਲ ਵਾਚਦੇ ਅਤੇ ਸੁਧਾਈ ਵੀ ਕਰਦੇ ਰਹੇ। ਗੁਰਬਾਣੀ ਵਿਚ ਕਈ ਵਾਰ 'ਸੁਧ' ਅਤੇ 'ਸੁਧ ਕੀਚੇ' ਸ਼ਬਦ ਦਾ ਆਉਣਾ ਇਸ ਦਾ ਪ੍ਰਮਾਣ ਹੈ ਕਿ ਗੁਰਬਾਣੀ ਦੀ ਮੁੱਢਲੀ ਸੰਪਾਦਨਾ ਵੇਲੇ ਇਸ ਨੂੰ ਸੁਚੇਤ ਰੂਪ ਵਿਚ ਬਿਲਕੁਲ ਸ਼ੁੱਧ ਕਰਕੇ ਲਿਖਿਆ ਗਿਆ ਹੈ। ਗੁਰੂ ਸਾਹਿਬਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸੰਪਾਦਨਾ ਵੇਲੇ ਹੀ ਆਦੇਸ਼ ਕਰ ਗਏ ਹਨ ਕਿ ਅਕਾਲ ਪੁਰਖ ਦੀ ਬਾਣੀ ਵਿਚ ਕਿਸੇ ਪ੍ਰਕਾਰ ਦੀ ਦਖ਼ਲਅੰਦਾਜ਼ੀ ਨਹੀਂ ਕਰਨੀ ਅਤੇ ਇਹ ਜਿਸ ਤਰ੍ਹਾਂ ਲਿਖੀ ਗਈ ਹੈ ਉਸ ਤਰ੍ਹਾਂ ਹੀ ਸ਼ੁੱਧ ਰੂਪ ਵਿਚ ਉਚਾਰਨ ਕਰਨੀ ਹੈ।

ਗੁਰਬਾਣੀ ਅਗਾਧ ਬੋਧ ਅਤੇ ਕਾਮਧੇਨ ਹੈ। ਰੱਬੀ ਕੀਰਤੀ ਦੇ ਇਸ ਸਾਗਰ ਵਿਚ ਜਿੰਨੀ-ਜਿੰਨੀ ਕੋਈ ਅਭਿਆਸ ਕਰਕੇ ਚੁੱਭੀ ਮਾਰੇਗਾ, ਓਨਾ ਓਨਾ ਹੀ ਉਸ ਨੂੰ ਆਤਮਿਕ ਗਿਆਨ ਤੇ ਅਨੰਦ ਹਾਸਲ ਹੋਵੇਗਾ, ਪਰ ਗੁਰਬਾਣੀ ਨੂੰ ਸਹੀ ਤਰੀਕੇ ਨਾਲ ਸਮਝਣ ਲਈ ਉਸ ਦਾ ਸ਼ੁੱਧ ਉਚਾਰਨ ਬਹੁਤ ਜ਼ਰੂਰੀ ਹੈ। ਇਸੇ ਕਾਰਨ ਦਸ ਗੁਰੂ ਸਾਹਿਬਾਨ ਸਿੱਖਾਂ ਨੂੰ ਪ੍ਰੇਮ ਅਤੇ ਸਾਵਧਾਨੀ ਨਾਲ ਲਗਾ-ਮਾਤਰਾ ਸੋਧ ਕੇ ਗੁਰਬਾਣੀ ਦਾ ਸ਼ੁੱਧ ਪਾਠ ਮਨ ਲਾ ਕੇ ਕਰਨ ਦੀ ਪ੍ਰੇਰਨਾ ਦਿੰਦੇ ਰਹੇ। ਸ੍ਰੀ ਹਰਿਗੋਬਿੰਦਪੁਰ ਵਿਚ ਯੁੱਧ ਤੋਂ ਬਾਅਦ ਸਿੱਖ ਯੋਧਿਆਂ ਅਤੇ ਸੰਗਤਾਂ ਦੇ ਇਕ ਬੜੇ ਭਾਰੀ ਸਜੇ ਦੀਵਾਨ ਅੰਦਰ ਛੇਵੇਂ ਪਾਤਿਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਹੁਕਮ ਕੀਤਾ ਕਿ ਜਿਹੜਾ ਸਿੱਖ ਸ਼ੁੱਧ ਜਪੁ ਜੀ ਸਾਹਿਬ ਦਾ ਪਾਠ ਸੁਣਾਵੇਗਾ, ਉਸ ਨੂੰ ਮੂੰਹੋਂ ਮੰਗਿਆ ਫਲ ਮਿਲੇਗਾ।

ਕਰਹੁ ਸੁਨਾਵਨ ਸੁਧ ਜਪੁ ਮੋਹੀ ॥<br>
ਜਾਚਹਿ ਕਹੈਂ ਸੁ ਦੇਵੋਂ ਤੋਹੀ ॥<br>
(ਗੁਰਪ੍ਰਤਾਪ ਸੂਰਜ, ਰਾਸ ੬, ਅੰਸੂ ੪੬)

ਸੰਗਤਾਂ ਵਿਚੋਂ ਭਾਈ ਗੋਪਾਲਾ ਨਾਂਅ ਦੇ ਸਿੱਖ ਨੇ ਸਤਿਗੁਰਾਂ ਤੋਂ ਆਗਿਆ ਲੈ ਕੇ ਹਜ਼ੂਰੀ ਵਿਚ ਬੈਠ ਕੇ ਅਜਿਹੀ ਇਕਾਗਰਤਾ ਅਤੇ ਲਿਵਲੀਨਤਾ ਨਾਲ ਅੱਖਰ ਤੇ ਲਗਾ-ਮਾਤਰਾ ਸੋਧ ਕੇ ਸ੍ਰੀ ਜਪੁ ਜੀ ਸਾਹਿਬ ਦਾ ਸ਼ੁੱਧ ਪਾਠ ਸੁਣਾਇਆ ਕਿ ਸਤਿਗੁਰੂ ਜੀ ਪਾਠ ਦੇ ਭੋਗ ਤੋਂ ਬਾਅਦ ਪ੍ਰਸੰਨ ਹੋ ਕੇ ਭਾਈ ਗੋਪਾਲਾ ਜੀ ਨੂੰ ਸਰਬਸ੍ਰੇਸ਼ਟ ਗੁਰਤਾਗੱਦੀ ਤੱਕ ਦੇਣ ਲਈ ਤਿਆਰ ਹੋ ਗਏ ਸਨ। ਸ੍ਰੀ ਅਨੰਦਪੁਰ ਸਾਹਿਬ ਵਿਖੇ ਦਸਮ ਪਾਤਿਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਵੇਲੇ ਇਕ ਵਾਰ ਇਕ ਗੁਰਸਿੱਖ ਵਲੋਂ ਗੁਰਬਾਣੀ ਦੀ ਲਗਾ-ਮਾਤਰਾ ਦਾ ਗ਼ਲਤ ਉਚਾਰਨ ਕਰਨ 'ਤੇ ਦਸਮ ਪਾਤਿਸ਼ਾਹ ਨੇ ਬਹੁਤ ਦੁਖ ਮਨਾਇਆ ਅਤੇ ਸਿੰਘ ਨੂੰ ਤਾੜਨਾ ਕਰਦਿਆਂ ਫ਼ੁਰਮਾਨ ਕੀਤਾ, "ਸਿੰਘਾ! ਤੂੰ ਸਾਡੇ ਅੰਗ ਤੋੜ ਰਿਹਾ ਹੈਂ।"

ਦਸਮ ਪਾਤਿਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਜ਼ੁਲਮ ਦੇ ਖ਼ਿਲਾਫ਼ ਜੰਗ-ਯੁੱਧਾਂ ਤੋਂ ਬਾਅਦ ਸੰਸਾਰਕ ਯਾਤਰਾ ਦੇ ਅੰਤਲੇ ਸਮੇਂ ਮਾਲਵੇ ਦੀ ਧਰਤੀ 'ਤੇ ਤਲਵੰਡੀ ਸਾਬੋ ਵਿਖੇ ਦਮਦਮਾ ਸਾਹਿਬ ਦੇ ਅਸਥਾਨ 'ਤੇ ਭਾਈ ਮਨੀ ਸਿੰਘ ਜੀ ਨੂੰ ਲਿਖਾਰੀ ਬਣਾ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਮੁੱਚੀ ਬਾਣੀ ਨੂੰ ਕੰਠੋਂ ਉਚਾਰ ਕੇ ਲਿਖਵਾਇਆ ਅਤੇ ਉਸ ਤੋਂ ਬਾਅਦ 48 ਵਿਦਿਆਰਥੀਆਂ ਨੂੰ ਗੁਰਬਾਣੀ ਦਾ ਸਮੁੱਚਾ ਅਰਥ ਬੋਧ ਵੀ ਕਰਵਾਇਆ। ਇਨ੍ਹਾਂ ਬ੍ਰਹਮ ਗਿਆਨੀਆਂ ਵਿਚੋਂ ਹੀ ਭਾਈ ਮਨੀ ਸਿੰਘ ਜੀ ਅਤੇ ਬਾਬਾ ਦੀਪ ਸਿੰਘ ਜੀ ਨੇ ਦਮਦਮਾ ਸਾਹਿਬ ਵਿਖੇ ਗੁਰਬਾਣੀ ਪਾਠ ਬੋਧ ਦੀ ਟਕਸਾਲ ਚਲਾਈ।



**ਸ਼੍ਰੋਮਣੀ ਕਮੇਟੀ ਦਾ ਉਪਰਾਲਾ-** ਪਿਛਲੇ ਸਮੇਂ ਤੋਂ ਪਿੰਡਾਂ, ਕਸਬਿਆਂ ਦੇ ਗ੍ਰੰਥੀ ਸਿੰਘਾਂ 'ਚ ਗੁਰਬਾਣੀ ਸ਼ੁੱਧ ਉਚਾਰਨ ਅਤੇ ਸਹੀ ਬੋਧ ਦੀ ਘਾਟ ਕਾਰਨ; ਇਨ੍ਹਾਂ ਗ੍ਰੰਥੀ ਅਤੇ ਅਖੰਡ ਪਾਠੀ ਸਿੰਘਾਂ ਨੂੰ ਸਿੱਖਿਅਤ ਕਰਨ, ਉਨ੍ਹਾਂ ਦੀ ਯੋਗਤਾ ਅਤੇ ਕਾਬਲੀਅਤ ਨੂੰ ਤਰਾਸ਼ਣ ਲਈ ਸ਼੍ਰੋਮਣੀ ਕਮੇਟੀ ਤੋਂ ਮਾਰਗ-ਦਰਸ਼ਨ ਅਤੇ ਜ਼ਿੰਮੇਵਾਰੀ ਨਿਭਾਉਣ ਦੀ ਲੋੜ ਮਹਿਸੂਸ ਕੀਤੀ ਜਾਂਦੀ ਰਹੀ ਹੈ। ਭਾਵੇਂਕਿ ਦੇਰ ਨਾਲ ਹੀ ਸਹੀ, ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਪਿਛਲੇ ਸਾਲ ਨਵੰਬਰ 'ਚ ਸ਼੍ਰੋਮਣੀ ਕਮੇਟੀ ਦੀ ਪ੍ਰਧਾਨਗੀ ਦੀ ਸੇਵਾ ਸੰਭਾਲਦਿਆਂ ਹੀ ਸ਼੍ਰੋਮਣੀ ਕਮੇਟੀ ਦੁਆਰਾ ਧਰਮ ਪ੍ਰਚਾਰ ਲਹਿਰ ਨੂੰ ਸਮਾਜਿਕ ਪੱਧਰ 'ਤੇ ਪ੍ਰਭਾਵਸ਼ਾਲੀ ਅਤੇ ਸਿੱਟਾਮੁਖੀ ਬਣਾਉਣ ਦੀ ਦਿਸ਼ਾ 'ਚ ਨਵੀਆਂ ਪਹਿਲਕਦਮੀਆਂ ਕੀਤੀਆਂ ਗਈਆਂ ਹਨ। ਭਾਈ ਲੌਂਗੋਵਾਲ ਨੇ ਨਿੱਜੀ ਦਿਲਚਸਪੀ ਨਾਲ ਜਿੱਥੇ ਗੁਰਦੁਆਰਾ ਸੰਸਥਾ ਨੂੰ ਸਿੱਖ ਧਰਮ ਦੇ ਮੁੱਢਲੇ ਪ੍ਰਚਾਰ-ਪ੍ਰਸਾਰ ਦੇ ਪ੍ਰਭਾਵਸ਼ਾਲੀ ਅਤੇ ਵਧੇਰੇ ਸਾਰਥਿਕ ਕੇਂਦਰ ਬਣਾਉਣ ਲਈ 'ਇਕ ਪਿੰਡ, ਇਕ ਗੁਰਦੁਆਰਾ' ਮੁਹਿੰਮ ਦੀ ਆਰੰਭਤਾ ਕੀਤੀ ਹੈ, ਉਥੇ ਹੁਣ ਗੁਰਬਾਣੀ ਦੇ ਸ਼ੁੱਧ ਉਚਾਰਨ ਅਤੇ ਪਾਠ ਬੋਧ ਦੀ ਮਹੱਤਤਾ ਨੂੰ ਮਹਿਸੂਸ ਕਰਦਿਆਂ ਸ਼੍ਰੋਮਣੀ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਦੁਆਰਾ ਪੰਜਾਬ ਭਰ 'ਚ ਗੁਰਬਾਣੀ ਪਾਠ ਬੋਧ ਸਮਾਗਮਾਂ ਦੀ ਸ਼ੁਰੂਆਤ ਕੀਤੀ ਗਈ ਹੈ। ਪੰਜਾਬ ਦੇ ਤਿੰਨ ਤਖ਼ਤਾਂ; ਸ੍ਰੀ ਅਕਾਲ ਤਖ਼ਤ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਅਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਤੋਂ ਆਰੰਭ ਹੋਈ ਇਸ ਪਾਠ ਬੋਧ ਸਮਾਗਮਾਂ ਦੀ ਲੜੀ ਤੋਂ ਚੰਗੇ ਨਤੀਜਿਆਂ ਦੀ ਆਸ ਬੱਝਣ ਲੱਗੀ ਹੈ। ਇਹ ਪਾਠ ਬੋਧ ਸਮਾਗਮ ਪਿੰਡਾਂ, ਕਸਬਿਆਂ ਅਤੇ ਸ਼ਹਿਰਾਂ ਦੇ ਗੁਰਦੁਆਰਾ ਸਾਹਿਬਾਨ ਦੇ ਗ੍ਰੰਥੀ ਸਿੰਘਾਂ ਅਤੇ ਅਖੰਡ ਪਾਠੀਆਂ ਨੂੰ ਸ਼ੁੱਧ ਗੁਰਬਾਣੀ ਉਚਾਰਨ ਦੀ ਮੁਹਾਰਤ ਦੇ ਨਾਲ-ਨਾਲ ਧਰਮ ਪ੍ਰਚਾਰ ਪ੍ਰਤੀ ਜ਼ਿੰਮੇਵਾਰੀਆਂ ਨਿਭਾਉਣ ਅਤੇ ਪੰਜਾਬੀ ਮਾਂ-ਬੋਲੀ ਦੀ ਮੁੱਢਲੀ ਸਿੱਖਿਆ ਦੇਣ ਲਈ ਸਮਰੱਥ ਬਣਾਉਣ ਲਈ ਵੀ ਸਹਾਈ ਹੋ ਸਕਦੇ ਹਨ। ਪਿੰਡਾਂ ਦੇ ਗੁਰਦੁਆਰਾ ਸਾਹਿਬਾਨ ਦੇ ਗ੍ਰੰਥੀ ਅਤੇ ਅਖੰਡ ਪਾਠੀ ਸਿੰਘਾਂ ਨੂੰ ਇਨ੍ਹਾਂ ਪਾਠ ਬੋਧ ਸਮਾਗਮਾਂ ਵਿਚ ਸ਼ਾਮਲ ਹੋਣ ਲਈ ਉਤਸ਼ਾਹਿਤ ਕਰਨ ਵਾਸਤੇ ਗ੍ਰੰਥੀ ਅਤੇ ਅਖੰਡ ਪਾਠੀ ਸਿੰਘਾਂ ਨੂੰ ਇਕ ਮਹੀਨੇ ਤੱਕ ਚੱਲਣ ਵਾਲੇ ਇਨ੍ਹਾਂ ਪਾਠ ਬੋਧ ਸਮਾਗਮਾਂ ਵਿਚ ਸ਼ਾਮਲ ਹੋਣ 'ਤੇ 5100-5100 ਰੁਪਏ, ਸਰਟੀਫ਼ਿਕੇਟ ਅਤੇ ਸਿਰੋਪਾਓ ਦਿੱਤੇ ਜਾ ਰਹੇ ਹਨ। ਹੁਣ ਤੱਕ ਪੰਜਾਬ ਵਿਚਲੇ ਤਿੰਨਾਂ ਤਖ਼ਤਾਂ 'ਤੇ ਲਗਭਗ 700 ਅਤੇ ਸ੍ਰੀ ਮੁਕਤਸਰ ਸਾਹਿਬ ਵਿਖੇ ਪਾਠ ਬੋਧ ਸਮਾਗਮਾਂ ਵਿਚ ਸ਼ਾਮਲ ਹੋ ਕੇ 300 ਤੋਂ ਵੱਧ ਗ੍ਰੰਥੀ, ਅਖੰਡ ਪਾਠੀ ਸਿੰਘ ਗੁਰਬਾਣੀ ਲਗਾ-ਮਾਤਰਾ ਦੇ ਸਹੀ ਉਚਾਰਨ ਅਤੇ ਔਖੇ ਸ਼ਬਦਾਂ ਦੇ ਅਰਥਾਂ ਦਾ ਗਿਆਨ ਲੈ ਚੁੱਕੇ ਹਨ। ਇਹ ਪਾਠ ਬੋਧ ਸਮਾਗਮ ਇਕ ਤਰ੍ਹਾਂ ਨਾਲ ਸ਼੍ਰੋਮਣੀ ਕਮੇਟੀ ਤੋਂ ਬਾਹਰਲੇ ਪ੍ਰਬੰਧਾਂ ਵਾਲੇ ਗੁਰਦੁਆਰਾ ਸਾਹਿਬਾਨ ਦੇ ਗ੍ਰੰਥੀ ਸਿੰਘਾਂ ਨੂੰ ਵੀ ਸ਼੍ਰੋਮਣੀ ਕਮੇਟੀ ਨਾਲ ਜੋੜ ਕੇ ਗੁਰਮਤਿ ਰਹਿਣੀ-ਬਹਿਣੀ 'ਚ ਪ੍ਰਪੱਕ ਕਰਨ ਦੇ ਨਾਲ-ਨਾਲ ਪੰਥ ਦੀ ਪ੍ਰਵਾਨਤ ਰਹਿਤ ਮਰਯਾਦਾ ਦੇ ਧਾਰਨੀ ਬਣਾਉਣ ਲਈ ਸਿਖਲਾਈ ਕੈਂਪਾਂ ਵਰਗੇ ਸਾਬਤ ਹੋ ਰਹੇ ਹਨ। ਇਨ੍ਹਾਂ ਸਮਾਗਮਾਂ ਵਿਚ ਪੰਥ ਦੇ ਪ੍ਰਸਿੱਧ ਤੇ ਮਾਹਰ ਗੁਰਬਾਣੀ ਵਿਆਖਿਆਕਾਰ, ਵਿਦਵਾਨ ਅਤੇ ਗ੍ਰੰਥੀ ਸਾਹਿਬਾਨ ਗੁਰਬਾਣੀ ਸੰਥਿਆ ਦੇਣ ਦੇ ਨਾਲ-ਨਾਲ ਗੁਰਬਾਣੀ ਵਿਆਕਰਨ, ਸ਼ੁੱਧ ਉਚਾਰਨ, ਵਿਆਖਿਆ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਪ੍ਰਵਾਨਿਤ ਸਿੱਖ ਰਹਿਤ ਮਰਯਾਦਾ ਨੂੰ ਵੀ ਗ੍ਰੰਥੀ ਅਤੇ ਅਖੰਡ ਪਾਠੀ ਸਿੰਘਾਂ ਵਿਚ ਦ੍ਰਿੜ੍ਹ ਕਰਵਾ ਰਹੇ


ਬਾਕੀ ਸਫ਼ਾ 2 'ਤੇ

# ਪਿੰਡ ਤਿਓਣਾ ਅੰਮ੍ਰਿਤ ਸੰਚਾਰ ਸਮਾਗਮ ਸਮੇਂ 55 ਪ੍ਰਾਣੀਆਂ ਅੰਮ੍ਰਿਤ ਦੀ ਦਾਤ ਪ੍ਰਤਪਤ ਕੀਤੀ



ਬੱਲੂਆਣਾ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਉਤਸਵ ਨੂੰ ਸਮਰਪਿਤ ਪਿੰਡ ਤਿਓਣਾ ਜ਼ਿਲ੍ਹਾ ਬਠਿੰਡਾ ਵਿਖੇ ਧਰਮ ਪ੍ਰਚਾਰ ਕਮੇਟੀ ਵੱਲੋਂ ਭਾਈ ਅਮਰੀਕ ਸਿੰਘ ਕੋਟਸ਼ਮੀਰ ਮੈਂਬਰ ਸ਼੍ਰੋਮਣੀ ਕਮੇਟੀ ਦੀ ਅਗਵਾਈ ਵਿੱਚ ਗੁਰਮਤਿ ਸਮਾਗਮ ਕਰਵਾਏ ਗਏ। ਇਨ੍ਹਾਂ ਗੁਰਮਤਿ ਸਮਾਗਮਾਂ ਵਿੱਚ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਅਤੇ ਢਾਡੀ ਸਿੰਘਾ ਵੱਲੋਂ ਸੰਗਤਾਂ ਨਾਲ ਗੁਰਮਤਿ ਵੀਚਾਰਾਂ ਅਤੇ ਸਿੱਖ ਇਤਿਹਾਸ ਦੀ ਸਾਂਝ ਕੀਤੀ ਗਈ। ਇਸ ਮੌਕੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਵਿਚ ਤਖ਼ਤ ਸ੍ਰੀ ਦਮਦਮਾ ਸਹਿਬ ਤੋਂ ਪੰਜ ਪਿਆਰੇ ਸਾਹਿਬਾਨ ਪੁੱਜੇ। ਇਸ ਮੌਕੇ 55 ਪ੍ਰਾਣੀ ਅੰਮ੍ਰਿਤ ਦੀ ਦਾਤ ਪ੍ਰਾਪਤ ਕਰ ਗੁਰੂ ਵਾਲੇ ਬਣੇ।

ਸਮਾਗਮ ਵਿਚ ਉਚੇਚੇ ਤੌਰ ਤੇ ਪਹੁੰਚੇ ਸ਼੍ਰੋਮਣੀ ਕਮੇਟੀ ਮੈਂਬਰ ਸ. ਅਮਰੀਕ ਸਿੰਘ ਕੋਟਸ਼ਮੀਰ ਵੱਲੋਂ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਕਰਦਿਆਂ ਅੰਮ੍ਰਿਤ ਅਭਿਲਾਖੀ ਸੰਗਤਾਂ ਨੂੰ ਵਧਾਈ ਦਿੱਤੀ। ਅੰਮ੍ਰਿਤ ਅਭਿਲਾਖੀ ਸੰਗਤਾਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ।

ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਪੰਜ ਪਿਆਰੇ ਸਾਹਿਬਾਨ, ਸ਼੍ਰੋਮਣੀ ਕਮੇਟੀ ਮੈਂਬਰ ਅਤੇ ਪ੍ਰਚਾਰਕ ਸਿੰਘਾਂ ਨੂੰ ਸਿਰਪਾਓ ਦਿੱਤੇ ਗਏ। ਇਸ ਮੌਕੇ ਭਾਈ ਅਮਰੀਕ ਸਿੰਘ ਕੋਟਸ਼ਮੀਰ ਮੈਂਬਰ ਸ਼੍ਰੋਮਣੀ ਕਮੇਟੀ ਵੱਲੋਂ ਅੰਮ੍ਰਿਤ ਅਭਿਲਾਖੀ ਸੰਗਤਾਂ ਅਤੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਨੂੰ ਸਿਰਪਾਓ ਭੇਟ ਕੀਤੇ ਅਤੇ ਸਮੂਹ ਨਗਰ ਨਿਵਾਸੀਆਂ ਦਾ ਧੰਨਵਾਦ ਕੀਤਾ। ਇਸ ਸਮੇਂ ਧਰਮ ਪ੍ਰਚਾਰ ਕਮੇਟੀ ਦੇ ਢਾਡੀ ਭਾਈ ਤਰਸੇਮ ਸਿੰਘ, ਭਾਈ ਮਨਦੀਪ ਸਿੰਘ ਅਬਲੂ ਅਤੇ ਪਿੰਡ ਤਿਓਣਾ ਦੀ ਸੰਗਤ ਹਾਜ਼ਰ ਸੀ।



ਬਾਬਾ ਬਕਾਲਾ ਸਹਿਬ ਪਿੰਡ ਵਜੀਰ ਭੁੱਲਰ ਵਿਖੇ ਲਗਾਏ ਗਏ ਗੁਰਮਿਤ ਸਿਖਲਾਈ ਕੈਂਪ ਦੌਰਾਨ ਮੁੱਖ ਪ੍ਰਚਾਰਕ ਭਾਈ ਜਗਦੇਵ ਸਿੰਘ, ਮਾਝਾ ਜੋਨ ਇੰਚਾਰਜ ਭਾਈ ਸੁਰਜੀਤ ਸਿੰਘ, ਭਾਈ ਜਸਪਾਲ ਸਿੰਘ ਤੇ ਭਾਈ ਕੁਲਜੀਤ ਸਿੰਘ ਕਵੀਸ਼ਰ ਬੱਚਿਆਂ ਨੂੰ ਸਨਮਾਨਿਤ ਕਰਨ ਸਮੇਂ।



ਸ਼੍ਰੋਮਣੀ ਕਮੇਟੀ ਮੈਂਬਰ ਜਥੇ. ਸੇਵਾ ਸਿੰਘ ਸੇਖਵਾਂ ਦੇ ਸਹਿਯੋਗ ਨਾਲ ਗੁਰਦਾਸਪੁਰ ਦੇ ਪਿੰਡ ਮੁਸਤਫਾਬਾਦ ਵਿਖੇ ਲਗਾਏ ਗੁਰਮਤਿ ਕੈਂਪ ਸਮੇਂ ਬੱਚਿਆਂ ਨੂੰ ਸਨਮਾਨਿਤ ਕਰਦੇ ਹੋਏ ਪ੍ਰਚਾਰਕ ਭਾਈ ਬਲਵੰਤ ਸਿੰਘ ਐਨੋਕੋਟ, ਬੀਬੀ ਰੁਪਿੰਦਰ ਕੌਰ ਤੇ ਕਵੀਸ਼ਰ ਭਾਈ ਮਹਿਤਾਬ ਸਿੰਘ।

# ਕਾਲੇ ਘਣੂਪੁਰ ਹਾਦਸੇ ਦੇ ਜ਼ਖ਼ਮੀਆਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਸਹਾਇਤਾ ਰਾਸ਼ੀ ਦੇ ਚੈੱਕ ਦਿੱਤੇ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਥੋਂ ਨੇੜਲੇ ਪਿੰਡ ਕਾਲੇ ਘਣੂਪੁਰ ਵਿਖੇ ਇਕ ਗੁਰਦੁਆਰਾ ਸਾਹਿਬ ਦੇ ਸਾਲਾਨਾ ਜੋੜ ਮੇਲੇ ਦੌਰਾਨ ਗੈਸੀ ਗੁਬਾਰਿਆਂ ਦਾ ਸਿਲੰਡਰ ਫਟਣ ਕਾਰਨ ਹੋਏ ਜ਼ਖ਼ਮੀਆਂ ਨੂੰ ਸਹਾਇਤਾ ਰਾਸ਼ੀ ਦੇ ਚੈੱਕ ਦਿੱਤੇ ਗਏ। ਸ਼੍ਰੋਮਣੀ ਕਮੇਟੀ ਵੱਲੋਂ ਇਹ ਸਹਾਇਤਾ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਬਾਵਾ ਸਿੰਘ ਗੁਮਾਨਪੁਰਾ ਅਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਨਿੱਜੀ ਸਕੱਤਰ ਸ. ਜਗਜੀਤ ਸਿੰਘ ਜੱਗੀ ਨੇ ਪਿੰਡ ਦੇ ਸਥਾਨਕ ਗੁਰਦੁਆਰਾ ਸਾਹਿਬ ਵਿਖੇ ਦਿੱਤੀ। ਇਸ ਸਬੰਧੀ ਸ. ਬਾਵਾ ਸਿੰਘ ਗੁਮਾਨਪੁਰਾ ਅਤੇ ਸ. ਜਗਜੀਤ ਸਿੰਘ ਜੱਗੀ ਨੇ ਦੱਸਿਆ ਕਿ ਬੀਤੇ ਸਮੇਂ ਦੌਰਾਨ ਸਥਾਨਕ ਗੁਰਦੁਆਰਾ ਸਾਹਿਬ ਵਿਖੇ ਵਾਪਰੀ ਇਸ ਘਟਨਾ ਕਾਰਨ ਪ੍ਰਭਾਵਿਤ ਹੋਏ 16 ਵਿਅਕਤੀਆਂ ਨੂੰ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਐਲਾਨ ਕੀਤੀ ਗਈ ਸਹਾਇਤਾ ਰਾਸ਼ੀ ਦੇ ਚੈੱਕ ਦਿੱਤੇ ਗਏ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਵਿੱਚੋਂ ਚਾਰ ਗੰਭੀਰ ਜ਼ਖ਼ਮੀਆਂ ਨੂੰ 50-50 ਹਜ਼ਾਰ ਰੁਪਏ ਅਤੇ ਘੱਟ ਜ਼ਖ਼ਮੀਆਂ ਨੂੰ 20-20 ਹਜ਼ਾਰ ਰੁਪਏ ਦੀ ਸਹਾਇਤਾ ਦਿੱਤੀ ਗਈ ਹੈ। ਇਸ ਦੌਰਾਨ ਪ੍ਰਭਾਵਿਤਾਂ ਤੇ ਪਰਿਵਾਰਾਂ ਵੱਲੋਂ ਔਖੇ ਸਮੇਂ ਵਿਚ ਉਨ੍ਹਾਂ ਦੀ ਸਾਰ ਲੈਣ ਲਈ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਗਿਆ।ਇ ਸ ਮੌਕੇ ਸ. ਲਾਲ ਸਿੰਘ, ਸ. ਹਰਬੰਸ ਸਿੰਘ, ਸ. ਜਤਿੰਦਰ ਸਿੰਘ ਆਦਿ ਮੌਜੂਦ ਸਨ।

# ਸ਼੍ਰੋਮਣੀ ਕਮੇਟੀ ਵੱਲੋਂ ਜੰਮੂ ਕਸ਼ਮੀਰ ਦੇ ਸਿੱਖ ਮਸਲਿਆਂ ਨੂੰ ਸਰਕਾਰਾਂ ਕੋਲ ਉਠਾਇਆ ਜਾਵੇਗਾ -ਭਾਈ ਲੌਂਗੋਵਾਲ

## ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦੇ ਪ੍ਰਕਾਸ਼ ਪੁਰਬ ਮੌਕੇ ਬਾਰਾਮੂਲਾ ਵਿਖੇ ਸਮਾਗਮ 'ਚ ਪਹੁੰਚੇ ਸ਼੍ਰੋਮਣੀ ਕਮੇਟੀ ਪ੍ਰਧਾਨ



ਅੰਮ੍ਰਿਤਸਰ- ਜੰਮੂ ਕਸ਼ਮੀਰ ਦੇ ਬਾਰਾਮੂਲਾ ਸਥਿਤ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਵਿਖੇ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸਥਾਨਕ ਸੰਗਤਾਂ ਵੱਲੋਂ ਕਰਵਾਏ ਗਏ ਗੁਰਮਤਿ ਸਮਾਗਮ ਵਿਚ ਪਹੁੰਚੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਸਿੱਖ ਪੰਥ ਦੀ ਪ੍ਰਤੀਨਿਧ ਸੰਸਥਾ ਹੋਣ ਕਾਰਨ ਸ਼੍ਰੋਮਣੀ ਕਮੇਟੀ ਸਮੁੱਚੇ ਵਿਸ਼ਵ ਦੇ ਸਿੱਖਾਂ ਨਾਲ ਹਰ ਤਰ੍ਹਾਂ ਖੜ੍ਹੀ ਹੈ ਅਤੇ ਜੰਮੂ ਕਸ਼ਮੀਰ ਵਿਚ ਵੱਸਦੇ ਸਿੱਖਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਵੀ ਹਰ ਸੰਭਵ ਯਤਨ ਕਰੇਗੀ।

ਬਾਰਾਮੂਲਾ ਪਹੁੰਚੇ ਭਾਈ ਲੌਂਗੋਵਾਲ ਦਾ ਸਥਾਨਕ ਸਿੱਖ ਆਗੂਆਂ ਨੇ ਭਰਵਾਂ ਸਵਾਗਤ ਕੀਤਾ ਅਤੇ ਉਨ੍ਹਾਂ ਨੂੰ ਸੂਬੇ ਅੰਦਰ ਪੇਸ਼ ਆ ਰਹੀਆਂ ਮੁਸ਼ਕਿਲਾਂ ਦੇ ਹੱਲ ਸਬੰਧੀ ਇੱਕ ਮੰਗ ਪੱਤਰ ਸੌਂਪਿਆ। ਸਥਾਨਕ ਸਿੱਖਾਂ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਨੂੰ ਕਿਹਾ ਕਿ ਜੰਮੂ ਕਸ਼ਮੀਰ ਅੰਦਰ ਸਿੱਖਾਂ ਨਾਲ ਪੱਖਪਾਤ ਕੀਤਾ ਜਾ ਰਿਹਾ ਹੈ ਅਤੇ ਉਨ੍ਹਾਂ ਨੂੰ ਬਣਦੇ ਹੱਕ ਨਹੀਂ ਦਿੱਤੇ ਜਾ ਰਹੇ। ਸਰਕਾਰ ਵੱਲੋਂ ਸਿੱਖਾਂ ਨੂੰ ਸਰਕਾਰੀ ਨੌਂਕਰੀਆਂ ਵਿਚ ਪਛਾੜਿਆ ਜਾ ਰਿਹਾ ਹੈ ਅਤੇ ਸੂਬੇ ਅੰਦਰ ਘੱਟ ਗਿਣਤੀ ਵਿਚ ਹੋਣ ਦੇ ਬਾਵਜੂਦ ਵੀ ਘੱਟ ਗਿਣਤੀਆਂ ਵਾਲੀਆਂ ਸਹੂਲਤਾਂ ਨਹੀਂ ਦਿੱਤੀਆਂ ਜਾ ਰਹੀਆਂ।

ਭਾਈ ਲੋਂਗੋਵਾਲ ਨੇ ਸਥਾਨਕ ਸਿੱਖਾਂ ਨੂੰ ਵਿਸ਼ਵਾਸ ਦਿਵਾਇਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਉਨ੍ਹਾਂ ਦੇ ਮਸਲਿਆਂ ਨੂੰ ਸਰਕਾਰਾਂ ਤੱਕ ਲਿਜਾਣ ਲਈ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਵੀ ਸ਼੍ਰੋਮਣੀ ਕਮੇਟੀ ਜੰਮੂ ਕਸ਼ਮੀਰ ਦੇ ਸਿੱਖਾਂ ਲਈ ਕੇਂਦਰ ਤੇ ਜੰਮੂ ਕਸ਼ਮੀਰ ਸਰਕਾਰ ਤੱਕ ਪਹੁੰਚ ਕਰਦੀ ਰਹੀ ਹੈ ਅਤੇ ਹੁਣ ਫਿਰ ਸਰਗਰਮ ਢੰਗ ਨਾਲ ਸਰਕਾਰਾਂ ਨਾਲ ਗੱਲਬਾਤ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸਿੱਖ ਕੌਮ ਇੱਕ ਨਿਡਰ ਕੌਮ ਹੈ ਅਤੇ ਇਹ ਸਿੱਖ ਜਿਥੇ ਵੀ ਵੱਸਦੇ ਹਨ ਉਥੋਂ ਦੀ ਤਰੱਕੀ ਤੇ ਖੁਸ਼ਹਾਲੀ ਲਈ ਸਿਰਤੋੜ ਯਤਨ ਕਰਦੇ ਹਨ ਪਰ ਹੈਰਾਨੀ ਦੀ ਗੱਲ ਹੈ ਕਿ ਜੰਮੂ ਕਸ਼ਮੀਰ ਅੰਦਰ ਸਿੱਖਾਂ ਨਾਲ ਨਿਆਂ ਨਹੀਂ ਕੀਤਾ ਜਾ ਰਿਹਾ। ਇਸ ਦੌਰਾਨ ਭਾਈ ਲੌਂਗੋਵਾਲ ਨੇ ਗੁਲਮਰਗ ਵਿਖੇ ਭਾਈ ਵੀਰ ਸਿੰਘ ਨੇ ਨਾਂ ਤੇ ਗੁਰਦੁਆਰਾ ਸਾਹਿਬ ਦੀ ਮੁੜ ਉਸਾਰੀ ਲਈ ਹਰ ਸੰਭਵ ਸਹਾਇਤਾ ਦੇਣ ਦਾ ਐਲਾਨ ਵੀ ਕੀਤਾ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਛੇਵੇਂ ਪਾਤਸ਼ਾਹ ਜੀ ਦੇ ਪ੍ਰਕਾਸ਼ ਗੁਰਪੁਰਬ ਦੀ ਸੰਗਤਾਂ ਨੂੰ ਵਧਾਈ ਦਿੱਤੀ ਅਤੇ ਇਸ ਸਬੰਧ ਵਿਚ ਵਿਸ਼ਾਲ ਗੁਰਮਤਿ ਸਮਾਗਮ ਕਰਵਾਉਣ ਦੀ ਸ਼ਲਾਘਾ ਕੀਤੀ। ਸਮਾਗਮ ਦੌਰਾਨ ਭਾਈ ਲੌਂਗੋਵਾਲ ਨੂੰ ਗੁਰਦੁਆਰਾ ਪ੍ਰਬੰਧਕਾਂ ਨੇ ਸਨਮਾਨਿਤ ਵੀ ਕੀਤਾ।

ਇਸ ਮੌਕੇ ਸ. ਜਨਕ ਸਿੰਘ ਸੋਢੀ, ਸ. ਗੁਰਜੀਤ ਸਿੰਘ, ਸ. ਗੁਰਮੀਤ ਸਿੰਘ, ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਨਿੱਜੀ ਸਕੱਤਰ ਸ. ਜਗਜੀਤ ਸਿੰਘ ਜੱਗੀ, ਸ. ਦਰਸ਼ਨ ਸਿੰਘ ਲੌਂਗੋਵਾਲ ਪੀ.ਏ., ਜੰਮੂ ਸਿੱਖ ਮਿਸ਼ਨ ਦੇ ਇੰਚਾਰਜ ਭਾਈ ਸਵਰਣ ਸਿੰਘ ਖਾਲਸਾ, ਸ. ਤਰਨਜੀਤ ਸਿੰਘ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ।

# ਭਾਦਸੋਂ ਵਿਖੇ ਗੁਰਬਾਣੀ ਸੰਥਿਆ ਸਿਖਲਾਈ ਕੈਂਪ ਦਾ ਆਯੋਜਨ



ਭਾਦਸੋਂ- ਗੁਰਦੁਆਰਾ ਸਾਹਿਬ ਸਿੰਘ ਸਭਾ ਭਾਦਸੋਂ ਵਿਖੇ ਸ਼ੁੱਧ ਗੁਰਬਾਣੀ ਉਚਾਰਨ ਦੀ ਸਿੱਖਿਆ ਦੇਣ ਲਈ ਗੁਰਬਾਣੀ ਸੰਥਿਆ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਕੈਂਪ ਵਿਚ ਉੱਘੇ ਕਥਾਵਾਚਕ ਭਾਈ ਪਰਮਜੀਤ ਸਿੰਘ ਦੀਨਾਨਗਰ ਵਾਲਿਆਂ ਵੱਲੋਂ ਲਗਾਤਾਰ 8 ਦਿਨ ਸ਼ੁੱਧ ਗੁਰਬਾਣੀ ਦਾ ਉਚਾਰਨ, ਸੰਥਿਆ ਅਤੇ ਗੁਰਮਤਿ ਵਿਚਾਰਾਂ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਕੈਂਪ ਦੇ ਆਖਰੀ ਦਿਨ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਸਤਵਿੰਦਰ ਸਿੰਘ ਟੌਹੜਾ, ਗੁਰਦੁਆਰਾ ਸਾਹਿਬ ਦੀ ਲੋਕਲ ਪ੍ਰਬੰਧਕ ਕਮੇਟੀ, ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਚੈਰੀਟੇਬਲ ਟਰੱਸਟ ਤੇ ਵਪਾਰ ਮੰਡਲ ਭਾਦਸੋਂ ਵੱਲੋਂ ਭਾਈ ਪਰਮਜੀਤ ਸਿੰਘ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।

ਇਸ ਮੌਕੇ ਸੰਬੋਧਨ ਕਰਦਿਆਂ ਸ. ਸਤਵਿੰਦਰ ਸਿੰਘ ਟੌਹੜਾ ਅਤੇ ਜਥੇ. ਰਣਧੀਰ ਸਿੰਘ ਢੀਂਡਸਾ ਨੇ ਕਿਹਾ ਕਿ ਅੱਜ ਦੀ ਨੌਜੁਆਨੀ ਨੂੰ ਪੱਛਮੀ ਸੱਭਿਅਤਾ ਦੇ ਮਾਰੂ ਪ੍ਰਭਾਵ ਤੋਂ ਬਚਾਉਣ ਅਤੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਨ ਲਈ ਵਿਸ਼ੇਸ਼ ਉਪਰਾਲੇ ਕਰਨ ਦੀ ਜ਼ਰੂਰਤ ਹੈ। ਉਨ੍ਹਾਂ ਕਿਹਾ ਕਿ ਸਮੇਂ ਸਮੇਂ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਲਾਕੇ ਦੀਆਂ ਲੋਕਲ ਕਮੇਟੀਆਂ ਰਾਹੀਂ ਅਜਿਹੇ ਕੈਂਪਾਂ ਦਾ ਆਯੋਜਨ ਕੀਤਾ ਜਾਂਦਾ ਹੈ ਅਤੇ ਅੱਗੋਂ ਵੀ ਇਸੇ ਤਰ੍ਹਾਂ ਅਜਿਹੇ ਕੈਂਪ ਆਯੋਜਿਤ ਕੀਤੇ ਜਾਂਦੇ ਰਹਿਣਗੇ।

ਇਸ ਮੌਕੇ ਬਾਬਾ ਰਣਜੋਧ ਸਿੰਘ, ਸ. ਅਮਰਜੀਤ ਸਿੰਘ ਟਿਵਾਣਾ, ਗ੍ਰੰਥੀ ਭਾਈ ਗੁਰਚਰਨ ਸਿੰਘ, ਭਾਈ ਅਵਤਾਰ ਸਿੰਘ, ਭਾਈ ਮਨਜੀਤ ਸਿੰਘ, ਭਾਈ ਕਰਨੈਲ ਸਿੰਘ, ਸ. ਸਤਨਾਮ ਸਿੰਘ ਖਾਲਸਾ, ਸ. ਚਰਨਜੀਤ ਸਿੰਘ ਸਮੇਤ ਸੰਗਤਾਂ ਹਾਜ਼ਰ ਸਨ।

## ਸਫ਼ਾ 1 ਦਾ ਬਾਕੀ...

### ਪਾਠ ਬੋਧ ਸਮਾਗਮ...

ਹਨ, ਤਾਂ ਜੋ ਪੰਥ ਨੂੰ ਅਨੁਸ਼ਾਸਨ ਅਤੇ ਏਕਤਾ ਦੇ ਸੂਤਰ ਵਿਚ ਬੰਨ੍ਹਣ ਲਈ ਘੱਟੋ-ਘੱਟ ਸਾਂਝੀ ਰਹਿਤ ਮਰਯਾਦਾ ਨਾਲ ਜੋੜਿਆ ਜਾ ਸਕੇ। ਤਿੰਨਾਂ ਤਖ਼ਤਾਂ 'ਤੇ ਪਾਠ ਬੋਧ ਸਮਾਗਮਾਂ ਦੀ ਇਕ ਲੜੀ ਸੰਪੂਰਨ ਹੋ ਚੁੱਕੀ ਹੈ, ਜਿਨ੍ਹਾਂ ਤੋਂ ਬਾਅਦ ਹੋਰ ਵੱਡੇ ਇਤਿਹਾਸਕ ਅਸਥਾਨਾਂ 'ਤੇ ਲਗਾਤਾਰ ਇਹ ਪਾਠ ਬੋਧ ਸਮਾਗਮ ਰੱਖੇ ਜਾ ਰਹੇ ਹਨ। ਨਿਰਸੰਦੇਹ ਇਹ ਪਾਠ ਬੋਧ ਸਮਾਗਮ ਜਿੱਥੇ ਪਿੰਡਾਂ, ਕਸਬਿਆਂ ਅਤੇ ਸ਼ਹਿਰਾਂ ਦੇ ਸਥਾਨਕ ਗੁਰਦੁਆਰਾ ਸਾਹਿਬਾਨ ਦੇ ਗ੍ਰੰਥੀ ਸਿੰਘਾਂ ਨੂੰ ਗੁਰਬਾਣੀ ਦੇ ਇਕਸਾਰ ਸ਼ੁੱਧ ਉਚਾਰਨ ਅਤੇ ਸਹੀ ਵਿਆਕਰਨ ਦੀ ਸਮਝ ਵਿਚ ਨਿਪੁੰਨ ਬਣਾਉਣਗੇ, ਉਥੇ ਧਰਮ ਪ੍ਰਚਾਰ ਵਿਚ ਪਿੰਡਾਂ, ਕਸਬਿਆਂ ਦੇ ਛੋਟੇ-ਵੱਡੇ ਗੁਰਦੁਆਰਾ ਸਾਹਿਬਾਨ ਦੇ ਗ੍ਰੰਥੀ ਅਤੇ ਅਖੰਡ ਪਾਠੀ ਸਿੰਘਾਂ ਦੀ ਭੂਮਿਕਾ ਅਤੇ ਜ਼ਿੰਮੇਵਾਰੀ ਨੂੰ ਵਧਾਉਣ ਵਾਲੇ ਵੀ ਸਾਬਤ ਹੋ ਸਕਦੇ ਹਨ। ਗ੍ਰੰਥੀ ਸਿੰਘ ਅਜੋਕੇ ਸਮੇਂ ਸਾਡੇ ਸਿੱਖ ਸਮਾਜ ਦੇ ਮਾਰਗ ਦਰਸ਼ਕ ਬਣਨੇ ਚਾਹੀਦੇ ਹਨ। ਜੇਕਰ ਗ੍ਰੰਥੀ ਸਿੰਘ ਵਧੇਰੇ ਸਿੱਖਿਅਤ, ਗੁਰਬਾਣੀ ਗਿਆਤਾ ਅਤੇ ਆਪਣੀਆਂ ਸੇਵਾਵਾਂ ਵਿਚ ਨਿਪੁੰਨ ਹੋਣਗੇ ਤਾਂ ਇਹ ਪਿੰਡਾਂ ਵਿਚ ਬੱਚਿਆਂ ਤੋਂ ਗੁਰਬਾਣੀ ਪੜ੍ਹਨ ਦੀ ਪ੍ਰੇਰਨਾ ਦੀ ਸ਼ੁਰੂਆਤ ਕਰਕੇ ਨਵੀਂ ਪੀੜ੍ਹੀ ਨੂੰ ਧਰਮ ਨਾਲ ਜੋੜਨ ਦਾ ਆਗਾਜ਼ ਕਰ ਸਕਦੇ ਹਨ।

ਗੁਰਦੁਆਰਾ ਸੰਸਥਾ ਨੂੰ ਸਿੱਖੀ ਦੇ ਪ੍ਰਚਾਰ ਅਤੇ ਗੁਰਬਾਣੀ ਗਿਆਨ ਦੇ ਚਾਨਣ ਨੂੰ ਵੰਡਣ 'ਚ ਵਧੇਰੇ ਪ੍ਰਭਾਵਸ਼ਾਲੀ ਅਤੇ ਸਾਰਥਿਕ ਬਣਾਉਣ ਦੀ ਦਿਸ਼ਾ 'ਚ ਸ਼੍ਰੋਮਣੀ ਕਮੇਟੀ ਵੱਲੋਂ ਪੰਜਾਬ ਭਰ ਦੇ ਗੁਰਦੁਆਰਾ ਸਾਹਿਬਾਨ ਦੇ ਗ੍ਰੰਥੀ ਸਿੰਘਾਂ ਨੂੰ ਇਕ ਸ਼ੁੱਧ ਗੁਰਬਾਣੀ ਉਚਾਰਨ ਦਾ ਟੈਸਟ ਦੇਣ ਲਈ ਵੀ ਸੱਦਾ ਦਿੱਤਾ ਗਿਆ ਹੈ, ਜਿਹੜੇ ਗ੍ਰੰਥੀ ਸਿੰਘ ਇਹ ਟੈਸਟ ਪਾਸ ਕਰਨਗੇ, ਉਨ੍ਹਾਂ ਨੂੰ ਸ਼੍ਰੋਮਣੀ ਕਮੇਟੀ ਵਲੋਂ 1000 ਰੁਪਏ ਪ੍ਰਤੀ ਮਹੀਨਾ ਪੱਕੇ ਤੌਰ 'ਤੇ ਵਜ਼ੀਫ਼ਾ ਦਿੱਤਾ ਜਾਵੇਗਾ। ਇਸ ਦੇ ਨਾਲ ਇਕ ਵਾਰ ਸ਼੍ਰੋਮਣੀ ਕਮੇਟੀ ਕੋਲ ਪੰਜਾਬ ਵਿਚਲੇ ਸਾਰੇ ਗੁਰਦੁਆਰਾ ਸਾਹਿਬਾਨ ਦੇ ਗ੍ਰੰਥੀ ਅਤੇ ਅਖੰਡ ਪਾਠੀ ਸਿੰਘਾਂ ਦੀ ਰਜਿਸਟ੍ਰੇਸ਼ਨ ਵੀ ਹੋ ਜਾਵੇਗੀ, ਜੋ ਕਿ ਗੁਰਦੁਆਰਿਆਂ ਦੇ ਗ੍ਰੰਥੀ ਸਿੰਘਾਂ ਨੂੰ ਆਪਣੀਆਂ ਜ਼ਿੰਮੇਵਾਰੀਆਂ ਪ੍ਰਤੀ ਵਧੇਰੇ ਉਤਰਦਾਈ ਬਣਾਉਣ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਦਬ-ਸਤਿਕਾਰ ਵਿਚ ਪ੍ਰਪੱਕਤਾ ਅਤੇ ਵਿਧੀਬੱਧ ਤਰੀਕੇ ਨਾਲ ਪਿੰਡਾਂ, ਸ਼ਹਿਰਾਂ ਵਿਚ ਗੁਰਮਤਿ ਦੇ ਪ੍ਰਚਾਰ ਅਤੇ ਗੁਰਬਾਣੀ ਦੇ ਗਿਆਨ ਨੂੰ ਸਹੀ ਰੂਪ ਵਿਚ ਲੋਕਾਈ ਤੱਕ ਪਹੁੰਚਾਉਣ ਦੀ ਇਕ ਨਵੀਂ ਮੁਹਿੰਮ ਵਿੱਢਣ ਦਾ ਪਿੜ ਬੰਨ੍ਹਣ ਲਈ ਸਹਾਈ ਹੋ ਸਕਦੀ ਹੈ। ਜਦੋਂ ਪਿੰਡਾਂ ਦੇ ਗ੍ਰੰਥੀ ਅਤੇ ਅਖੰਡ ਪਾਠੀ ਸਿੰਘ ਵਧੇਰੇ ਸਿੱਖਿਅਤ, ਕਾਬਲ ਅਤੇ ਗੁਰਬਾਣੀ ਪਾਠ ਬੋਧ ਦੇ ਗਿਆਤਾ ਹੋਣਗੇ ਤਾਂ ਇਸ ਦੇ ਨਾਲ ਸ਼੍ਰੋਮਣੀ ਕਮੇਟੀ ਦੀ ਧਰਮ ਪ੍ਰਚਾਰ ਲਹਿਰ ਵਿਚ ਪਿੰਡਾਂ ਦੇ ਗੁਰਦੁਆਰਿਆਂ, ਸਭਾ-ਸੁਸਾਇਟੀਆਂ ਅਤੇ ਸ਼੍ਰੋਮਣੀ ਕਮੇਟੀ ਤੋਂ ਬਾਹਰਲੇ ਗ੍ਰੰਥੀ ਅਤੇ ਅਖੰਡ ਪਾਠੀ ਸਿੰਘਾਂ ਦੀ ਸ਼ਮੂਲੀਅਤ ਵਧੇਗੀ। ਉਹ ਆਮ ਲੋਕਾਂ ਨੂੰ ਗੁਰਬਾਣੀ ਦੇ ਫ਼ਲਸਫ਼ੇ, ਮਾਂ ਬੋਲੀ ਪੰਜਾਬੀ ਦੇ ਪ੍ਰਚਾਰ-ਪ੍ਰਸਾਰ, ਕੁਦਰਤ ਪ੍ਰਤੀ ਪ੍ਰੇਮ-ਭਾਵਨਾ, ਵਾਤਾਵਰਨ ਦੀ ਸੰਭਾਲ ਅਤੇ ਸਮਾਜਿਕ ਸੁਧਾਰਾਂ ਵਿਚ ਵੀ ਆਪਣੀ ਜ਼ਿਕਰਯੋਗ ਭੂਮਿਕਾ ਨਿਭਾਅ ਸਕਣਗੇ, ਕਿਉਂਕਿ ਪਿੰਡਾਂ ਦੇ ਆਮ ਲੋਕਾਂ ਵਿਚ ਵਿਚਰਨ ਵਾਲੇ ਇਹ ਗ੍ਰੰਥੀ ਅਤੇ ਅਖੰਡ ਪਾਠੀ ਸਿੰਘ ਹੀ ਆਮ ਲੋਕਾਂ ਨਾਲ ਧਰਮ ਦੇ ਪ੍ਰਚਾਰ ਲਈ 'ਸੰਵਾਦ' ਦਾ ਸਭ ਤੋਂ ਨੇੜਲਾ ਜ਼ਰੀਆ ਬਣ ਸਕਦੇ ਹਨ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਯਤਨਾਂ ਸਦਕਾ ਧਰਮ ਪ੍ਰਚਾਰ ਕਮੇਟੀ ਵੱਲੋਂ 'ਗੁਰਬਾਣੀ ਪਾਠ ਬੋਧ ਸਮਾਗਮਾਂ' ਦੀ ਚਲਾਈ ਗਈ ਲਹਿਰ ਧਰਮ ਪ੍ਰਚਾਰ ਦੇ ਖੇਤਰ ਵਿਚ ਲੰਬੇ ਸਮੇਂ ਤੋਂ ਚੱਲੀ ਆ ਰਹੀ ਖੜੋਤ ਤੋੜਨ ਵਿਚ ਸਹਾਈ ਹੋ ਸਕਦੀ ਹੈ।

-ਤਲਵਿੰਦਰ ਸਿੰਘ ਬੁੱਟਰ

ਮੁੱਖ ਸੰਪਾਦਕ:
ਦਿਲਜੀਤ ਸਿੰਘ ਬੇਦੀ
ਪ੍ਰਕਾਸ਼ਕ:
ਸਕੱਤਰ, ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ।
ਛਾਪਕ:
ਗੋਲਡਨ ਆਫਸੈੱਟ ਪ੍ਰੈਸ, ਗੁਰਦੁਆਰਾ ਰਾਮਸਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ।

## ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਚੱਲ ਰਹੇ ਦੋਆਬਾ ਜੋਨ ਦੇ ਗੁਰਬਾਣੀ ਪਾਠ ਬੋਧ ਸਮਾਗਮ ਸਮਾਪਤ

### ਪਾਠ ਬੋਧ ਸਮਾਗਮਾਂ ਦੀ ਲੜੀ ਨਿਰੰਤਰ ਜਾਰੀ ਰਹੇਗੀ :ਭਾਈ ਗੋਬਿੰਦ ਸਿੰਘ ਲੌਂਗੋਵਾਲ



ਸ੍ਰੀ ਅਨੰਦਪੁਰ ਸਾਹਿਬ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੂਰਬ ਨੂੰ ਸਮਰਪਿਤ ਤਖਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ 23 ਅਪ੍ਰੈਲ ਤੋਂ ਆਰੰਭ ਹੋਏ ਗੁਰਬਾਣੀ ਪਾਠ ਬੋਧ ਸਮਾਗਮ ਦੀ ਸਮਾਪਤੀ 12 ਜੂਨ ਨੂੰ ਹੋਈ। ਜਿਸ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜੱਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ, ਤਖਤ ਸ੍ਰੀ ਦਮਦਮਾ ਸਾਹਿਬ ਦੇ ਜੱਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਵਿਸ਼ੇਸ ਤੌਰ ਤੇ ਹਾਜ਼ਰ ਹੋਏ।

ਤਖਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਕਰਵਾਏ ਗਏ ਸਮਾਗਮ ਵਿਚ ਸੰਬੋਧਨ ਕਰਦੇ ਹੋਏ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਗੁਰਬਾਣੀ ਸਿੱਖ ਦੇ ਜੀਵਨ ਦਾ ਆਧਾਰ ਹੈ, ਗੁਰਬਾਣੀ ਦਾ ਸਹੀ ਅਰਥਾਂ ਵਿੱਚ ਗਿਆਨ ਪ੍ਰਾਪਤ ਕਰਨ ਲਈ ਅਜਿਹੇ ਸਮਾਗਮਾਂ ਦੀ ਜਰੂਰਤ ਹੈ। ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਗੁਰਬਾਣੀ ਪਾਠ ਬੋਧ ਸਮਾਗਮ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਸ਼ਾਲਾਘਾਯੋਗ ਉਪਰਾਲਾ ਹੈ। ਸਾਨੂੰ ਇਹਨਾਂ ਉਪਰਾਲਿਆਂ ਦਾ ਲਾਹਾ ਲੈਣਾ ਚਾਹੀਦਾ ਹੈ। ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਂਵਾਲ ਨੇ ਕਿਹਾ ਕਿ ਗ੍ਰੰਥੀ ਅਤੇ ਪਾਠੀ ਸਿੰਘਾਂ ਦੇ ਉਤਸ਼ਾਹ ਨੂੰ ਦੇਖਦਿਆਂ ਗੁਰਬਾਣੀ ਪਾਠ ਬੋਧ ਸਮਾਗਮਾਂ ਦੀ ਲੜੀ ਨਿਰੰਤਰ ਚੱਲਦੀ ਰਹੇਗੀ। ਇਸ ਮੌਕੇ ਉਹਨਾਂ ਐਲਾਨ ਕੀਤਾ ਕਿ ਦੋਆਬਾ ਜੋਨ ਦਾ ਦੂਸਰਾ ਪਾਠ ਬੋਧ ਸਮਾਗਮ ਲੁਧਿਆਣਾ ਵਿਖੇ ਗੁਰਦੁਆਰਾ ਆਲਮਗੀਰ ਸਾਹਿਬ ਵਿਖੇ ਹੋਵੇਗਾ। ਇਸੇ ਤਰ੍ਹਾਂ ਪੰਜਾਬ ਤੋਂ ਬਾਹਰਲੇ ਸੂਬਿਆਂ ਵਿੱਚ ਵੀ ਸਮਾਗਮ ਕਰਵਾਏ ਜਾਣਗੇ। ਉਹਨਾਂ ਗ੍ਰੰਥੀ ਸਿੰਘਾ ਨੂੰ ਅਪੀਲ ਕੀਤੀ ਕਿ ਉਹ ਚੰਗੇ ਪ੍ਰਚਾਰਕਾਂ ਵੱਜੋਂ ਵਿਚਰ ਕੇ ਗੁਰੂ ਸੰਦੇਸ਼ ਨੂੰ ਘਰ-ਘਰ ਪਹੁੰਚਾਣ ਅਤੇ ਸ੍ਰੋਮਣੀ ਗੁਰੂਦੁਆਰਾ ਪ੍ਰਬੰਧਕ ਕਮੇਟੀ ਦਾ ਸਹਿਯੋਗ ਕਰਨ। ਇਸ ਮੌਕੇ ਜੂਨੀਅਰ ਮੀਤ ਪ੍ਰਧਾਨ ਹਰਪਾਲ ਸਿੰਘ ਜੱਲਾ, ਮੈਂਬਰ ਸ਼੍ਰੋਮਣੀ ਕਮੇਟੀ ਭਾਈ ਅਮਰਜੀਤ ਸਿੰਘ ਚਾਵਲਾ ਅਤੇ ਪ੍ਰਿੰਸੀਪਲ ਸੁਰਿੰਦਰ ਸਿੰਘ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸ. ਪ੍ਰਿਤਪਾਲ ਸਿੰਘ ਆਦਿ ਨੇ ਵੀ ਸੰਬੋਧਨ ਕੀਤਾ। ਸਮਾਗਮ ਸਮੇਂ ਭਾਈ ਸਿਮਰਪ੍ਰੀਤ ਸਿੰਘ ਹਜੂਰੀ ਰਾਗੀ ਜਥਾ ਤਖਤ ਸ੍ਰੀ ਕੇਸਗੜ੍ਹ ਸਾਹਿਬ ਨੇ ਰਸਭਿਨੇ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਸਮਾਗਮ ਵਿੱਚ ਹਾਜ਼ਰ ਹੋਏ 178 ਗ੍ਰੰਥੀ ਅਤੇ ਪਾਠੀ ਸਿੰਘਾ ਨੂੰ ਸਨਮਾਨ ਚਿੰਨ, ਸਰਟੀਫਿਕੇਟ ਅਤੇ 5100-5100 ਰੁਪਏ ਦੇ ਕੇ ਸਨਮਾਨਤ ਕੀਤਾ ਗਿਆ। ਸਮਾਗਮ ਮੌਕੇ ਇੰਚਾਰਜ ਪ੍ਰਿੰਸੀਪਲ ਗੁਰਭਾਗ ਸਿੰਘ ਨੂੰ ਉਹਨਾਂ ਦੀਆਂ ਵਿਸ਼ੇਸ ਸੇਵਾਵਾਂ ਬਦਲੇ ਸਨਮਾਨਤ ਕੀਤਾ ਗਿਆ। ਬਾਬਾ ਬੁੱਢਾ ਜੀ ਗ੍ਰੰਥੀ ਸਭਾ ਸ੍ਰੀ ਅਨੰਦਪੁਰ ਸਾਹਿਬ ਵੱਲੋਂ ਵੀ ਮੇਹਰ ਸਿੰਘ ਦੀ ਅਗਵਾਈ ਹੇਠ ਗੁਰਭਾਗ ਸਿੰਘ ਦਾ ਸਨਮਾਨ ਕੀਤਾ ਗਿਆ। ਸਟੇਜ ਦੀ ਸੇਵਾ ਭਾਈ ਸਰਬਜੀਤ ਸਿੰਘ ਢੋਟੀਆਂ ਨੇ ਨਿਭਾਈ। ਸਮਾਗਮ ਵਿੱਚ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਹੈਡਗ੍ਰੰਥੀ ਗਿਆਨੀ ਫੂਲਾ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਸ. ਪਰਮਜੀਤ ਸਿੰਘ ਲੱਖੇਵਾਲ, ਬੀਬੀ ਰਣਜੀਤ ਕੌਰ, ਸ. ਚਰਨਜੀਤ ਸਿੰਘ ਕਾਲੇਵਾਲ ਤੇ ਸ. ਦਲਜੀਤ ਸਿੰਘ ਭਿੰਡਰ, ਵਧੀਕ ਸਕੱਤਰ ਸ. ਬਲਵਿੰਦਰ ਸਿੰਘ ਜੌੜਾ ਸਿੰਘਾ ਤੇ ਡਾ. ਪਰਮਜੀਤ ਸਿੰਘ ਸਰੋਆ, ਸ. ਦਰਸ਼ਨ ਸਿੰਘ ਨਿੱਜੀ ਸਹਾਇਕ ਪ੍ਰਧਾਨ ਸਾਹਿਬ, ਮੈਨੇਜਰ ਜਸਬੀਰ ਸਿੰਘ, ਸੂਚਨਾਂ ਅਫਸਰ ਹਰਦੇਵ ਸਿੰਘ, ਪ੍ਰਿੰ: ਜਸਵੀਰ ਸਿੰਘ ਖਾਲਸਾ ਕਾਲਜ, ਸ. ਦਵਿੰਦਰ ਸਿੰਘ ਸਾਬਕਾ ਮੁੱਖ ਇੰਜੀਨੀਅਰ, ਸ. ਭੁਪਿੰਦਰ ਸਿੰਘ ਗਾਈਡ, ਸ. ਕਿਸ਼ੋਰ ਸਿੰਘ ਬੰਗੜ, ਸ. ਇੰਦਰਪਾਲ ਸਿੰਘ ਚੱਡਾ ਰੋਪੜ, ਸ. ਰਵਿੰਦਰ ਸਿੰਘ ਖੇੜਾ, ਸ. ਰਣਬੀਰ ਸਿੰਘ ਕਲੋਤਾ, ਸ. ਲਵਪ੍ਰੀਤ ਸਿੰਘ, ਸ. ਗੁਰਦੀਪ ਸਿੰਘ, ਸ. ਪਰਮਜੀਤ ਸਿੰਘ, ਸ. ਸੁਖਦੇਵ ਸਿੰਘ, ਸ, ਰਸ਼ਮੀਤ ਸਿੰਘ ਪ੍ਰਚਾਰਕ, ਬਾਬਾ ਰਵਿੰਦਰ ਸਿੰਘ ਆਦਿ ਹਾਜ਼ਰ ਸਨ।

## ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਗੁਰਦੁਆਰਾ ਸ੍ਰੀ ਦੁੱਖ ਭੰਜਨੀ ਬੇਰ ਸਾਹਿਬ ਦੀ ਕਾਰ ਸੇਵਾ ਆਰੰਭ



ਅੰਮ੍ਰਿਤਸਰ-ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਵਿਖੇ ਗੁਰਦੁਆਰਾ ਸ੍ਰੀ ਦੁੱਖ ਭੰਜਨੀ ਬੇਰ ਸਾਹਿਬ ਦੇ ਨਵੀਨੀਕਰਨ ਦੀ ਕਾਰ ਸੇਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ਼ੁਰੂ ਕਰਵਾਈ ਗਈ। ਸ਼੍ਰੋਮਣੀ ਕਮੇਟੀ ਵੱਲੋਂ ਬਾਬਾ ਕਸ਼ਮੀਰ ਸਿੰਘ ਭੂਰੀਵਾਲਿਆਂ ਨੂੰ ਸੌਂਪੀ ਗਈ ਇਸ ਸੇਵਾ ਦੀ ਆਰੰਭਤਾ ਸਮੇਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਗੁਰਬਚਨ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਬਾਬਾ ਕਸ਼ਮੀਰ ਸਿੰਘ ਕਾਰ ਸੇਵਾ ਭੂਰੀਵਾਲੇ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਮੌਜੂਦ ਸਨ। ਸੇਵਾ ਆਰੰਭ ਕਰਨ ਸਮੇਂ ਭਾਈ ਸੁਲਤਾਨ ਸਿੰਘ ਨੇ ਅਰਦਾਸ ਕੀਤੀ, ਜਦਕਿ ਪਾਵਨ ਹੁਕਮਨਾਮਾ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਲਿਆ।

ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਗੁਰਬਚਨ ਸਿੰਘ ਨੇ ਗੱਲਬਾਤ ਕਰਦਿਆਂ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀਆਂ ਪਰਕਰਮਾਂ 'ਚ ਸਥਿਤ ਗੁਰਦੁਆਰਾ ਸ੍ਰੀ ਦੁੱਖ ਭੰਜਨੀ ਬੇਰ ਸਾਹਿਬ ਦੀ ਵੱਡੀ ਇਤਿਹਾਸਕ ਮਹੱਤਤਾ ਹੈ ਅਤੇ ਇਥੇ ਸਥਿਤ ਇਤਿਹਾਸਕ ਬੇਰੀ ਦੀ ਸੇਵਾ-ਸੰਭਾਲ ਲਈ ਸ਼੍ਰੋਮਣੀ ਕਮੇਟੀ ਵਿਸ਼ੇਸ਼ ਉਪਰਾਲੇ ਕਰ ਰਹੀ ਹੈ। ਉਨ੍ਹਾਂ ਬਾਬਾ ਕਸ਼ਮੀਰ ਸਿੰਘ ਕਾਰ ਸੇਵਾ ਭੂਰੀ ਵਾਲਿਆਂ ਵੱਲੋਂ ਨਿਭਾਈਆਂ ਜਾਂਦੀਆਂ ਸੇਵਾਵਾਂ ਦੀ ਸ਼ਲਾਘਾ ਕੀਤੀ ਅਤੇ ਆਸ ਪ੍ਰਗਟਾਈ ਕਿ ਉਹ ਇਸ ਸੇਵਾ ਨੂੰ ਵੀ ਸੰਗਤਾਂ ਦੇ ਸਹਿਯੋਗ ਨਾਲ ਜਲਦੀ ਮੁਕੰਮਲ ਕਰਨਗੇ।

ਇਸੇ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਸ਼੍ਰੋਮਣੀ ਕਮੇਟੀ ਵੱਲੋਂ ਕਰਵਾਈ ਜਾ ਰਹੀ ਸੇਵਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਸਮੇਂ ਦੀ ਲੋੜ ਸੀ ਅਤੇ ਇਸ ਨਾਲ ਜਿਥੇ ਇਸ ਇਤਿਹਾਸਕ ਅਸਥਾਨ ਦਾ ਨਵੀਨੀਕਰਨ ਹੋਵੇਗਾ, ਉਥੇ ਹੀ ਇਸ ਅਸਥਾਨ ਦੇ ਨਾਲ ਲਗਦੇ ਬੀਬੀਆਂ ਦੇ ਇਸ਼ਨਾਨ ਘਰ ਦਾ ਵੀ ਵਿਸਥਾਰ ਹੋ ਸਕੇਗਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਅੰਤ੍ਰਿੰਗ ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਬਾਬਾ ਸੁਖਵਿੰਦਰ ਸਿੰਘ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਮਨਜੀਤ ਸਿੰਘ ਬਾਠ, ਵਧੀਕ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਮੀਤ ਸਕੱਤਰ ਸ. ਸਕੱਤਰ ਸਿੰਘ, ਸ. ਤੇਜਿੰਦਰ ਸਿੰਘ ਪੱਡਾ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਵਧੀਕ ਮੈਨੇਜਰ ਸ. ਸੁਖਰਾਜ ਸਿੰਘ, ਸ. ਲਖਬੀਰ ਸਿੰਘ, ਸ. ਇਕਬਾਲ ਸਿੰਘ ਮੁਖੀ, ਬਾਬਾ ਅਵਤਾਰ ਸਿੰਘ ਧੱਤਲ, ਬਾਬਾ ਸੋਹਨ ਸਿੰਘ, ਬਾਬਾ ਦੀਦਾਰ ਸਿੰਘ, ਬਾਬਾ ਗੁਰਨਾਮ ਸਿੰਘ, ਬਾਬਾ ਸਤਨਾਮ ਸਿੰਘ ਕਿਲ੍ਹਾ ਅਨੰਦਗੜ੍ਹ, ਬਾਬਾ ਬੀਰ ਸਿੰਘ, ਬਾਬਾ ਫ਼ਤਹਿ ਸਿੰਘ, ਬਾਬਾ ਗੁਰਵੰਤ ਸਿੰਘ, ਬਾਬਾ ਹੀਰਾ ਸਿੰਘ, ਬਾਬਾ ਬਲਬੀਰ ਸਿੰਘ, ਪ੍ਰੋਫੈਸਰ ਸਰਦਾਰਾ ਸਿੰਘ, ਸ. ਕੁਲਵਿੰਦਰ ਸਿੰਘ ਦੋਸਾਂਝ, ਸ. ਰਾਮ ਸਿੰਘ ਭਿੰਡਰ ਸਾਬਕਾ ਮੀਤ ਸਕੱਤਰ, ਸ. ਗੁਰਦੀਪ ਸਿੰਘ ਟਾਈਲਾਂ ਵਾਲੇ, ਸ. ਨਰਿੰਦਰ ਸਿੰਘ, ਸ. ਅਜੀਤ ਸਿੰਘ, ਸ. ਮਲਕ ਸਿੰਘ ਸੰਧੂ, ਸ. ਅਮਰਜੀਤ ਸਿੰਘ, ਸ. ਮਨੋਹਰ ਸਿੰਘ, ਸ. ਹਰਵਿੰਦਰ ਸਿੰਘ ਪੰਨੂ, ਸ. ਸੁਖਵਿੰਦਰ ਸਿੰਘ ਪੱਪੂ, ਸ. ਸੁਰਿੰਦਰਪਾਲ ਸਿੰਘ, ਸ. ਸੁਰਿੰਦਰ ਸਿੰਘ ਰੁਮਾਲਿਆਂ ਵਾਲੇ ਆਦਿ ਮੌਜੂਦ ਸਨ।



ਗੁਰਦੁਆਰਾ ਸਾਹਿਬ ਉਡੀਕਸਰ ਪਾ: ਦਸਵੀਂ ਪਿੰਡ ਬੰਬੀਹਾ (ਬਠਿੰਡਾ) ਵਿਖੇ ਅੰਮ੍ਰਿਤਪਾਨ ਕਰਨ ਵਾਲੇ 26 ਪ੍ਰਾਣੀਆਂ ਨਾਲ ਸ਼੍ਰੋਮਣੀ ਕਮੇਟੀ ਮੈਂਬਰ ਸ. ਅਮਰੀਕ ਸਿੰਘ ਕੋਟਸ਼ਮੀਰ, ਪ੍ਰਚਾਰਕ ਭਾਈ ਗੁਰਮੀਤ ਸਿੰਘ ਤੇ ਸ. ਮਨਦੀਪ ਸਿੰਘ ਅਬਲੂ ਅਤੇ ਹੋਰ।

## ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਇੰਦੌਰ ਦੇ ਗੁਰਦੁਆਰਾ ਸਾਹਿਬ ਵਿਖੇ ਕਾਰ ਸੇਵਾ 'ਚ ਲਿਆ ਹਿੱਸਾ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਇੰਦੌਰ ਦੇ ਗੁਰਦੁਆਰਾ ਸਾਹਿਬ ਪਾਤਸ਼ਾਹੀ ਪਹਿਲੀ ਬੇਟਮਾਂ ਸਾਹਿਬ ਵਿਖੇ ਸੰਬੋਧਨ ਕਰਦਿਆਂ ਐਲਾਨ ਕੀਤਾ ਕਿ ਸ਼੍ਰੋਮਣੀ ਕਮੇਟੀ ਸੰਗਤਾਂ ਦੇ ਸਹਿਯੋਗ ਨਾਲ ਸਿਕਲੀਗਰ ਸਿੱਖਾਂ ਦੇ ਬੱਚਿਆਂ ਲਈ ਇੰਦੌਰ ਵਿਖੇ ਉਦਯੋਗਿਕ ਸਿਖਲਾਈ ਕੇਂਦਰ ਸਥਾਪਤ ਕਰੇਗੀ ਅਤੇ ਸਿਕਲੀਗਰ ਸਿੱਖ ਭਾਈਚਾਰੇ ਨੂੰ ਸਿੱਖਾਂ ਦੇ ਰਵਾਇਤੀ ਸ਼ਸਤਰ ਬਣਾਉਣ ਲਈ ਦਸਤਕਾਰੀ ਸਕੂਲ (ਕਾਰਖਾਨਾ) ਲਗਾਉਣ ਲਈ ਵੀ ਸਹਾਇਤਾ ਦੇਵੇਗੀ। ਭਾਈ ਲੌਂਗੋਵਾਲ ਬਾਬਾ ਘੋਲਾ ਸਿੰਘ ਸਰਹਾਲੀ ਵਾਲਿਆਂ ਵੱਲੋਂ ਗੁਰਦੁਆਰਾ ਸਾਹਿਬ ਦੇ ਦਰਬਾਰ ਹਾਲ ਦੀ ਪਹਿਲੀ ਮੰਜ਼ਲ ਦੇ ਲੈਂਟਰ ਦੀ ਕਾਰਸੇਵਾ ਸਮੇਂ ਇੰਦੌਰ ਵਿਖੇ ਪਹੁੰਚੇ ਹੋਏ ਸਨ। ਇਸ ਮੌਕੇ ਉਨ੍ਹਾਂ ਦੇ ਨਾਲ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ ਅਤੇ ਦਿੱਲੀ ਸਿੱਖ ਗੁਰਦੁਅਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਮਨਜੀਤ ਸਿੰਘ ਜੀ.ਕੇ. ਵੀ ਮੌਜੂਦ ਸਨ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਸਿਕਲੀਗਰ ਸਿੱਖ ਗੁਰੂ ਸਾਹਿਬ ਦੇ ਸਮੇਂ ਤੋਂ ਹੀ ਸਿੱਖੀ ਨਾਲ ਜੁੜੇ ਹੋਏ ਹਨ ਅਤੇ ਸ਼੍ਰੋਮਣੀ ਕਮੇਟੀ ਇਨ੍ਹਾਂ ਦੀ ਹਰ ਸੰਭਵ ਮੱਦਦ ਲਈ ਵਚਨਬਧ ਹੈ। ਉਨ੍ਹਾਂ ਕਿਹਾ ਕਿ ਸਿਕਲੀਗਰ ਸਿੱਖਾਂ ਨੂੰ ਰਵਾਇਤੀ ਸਿੱਖ ਸ਼ਸਤਰ ਤਿਆਰ ਕਰਨ ਵਿਚ ਮੁਹਾਰਤ ਹਾਸਲ ਹੈ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਕੀਤੇ ਜਾਂਦੇ ਅੰਮ੍ਰਿਤ ਸੰਚਾਰ ਸਮਾਗਮਾਂ ਲਈ ਸਿਕਲੀਗਰ ਸਿੱਖਾਂ ਪਾਸੋਂ ਕਿਰਪਾਨਾਂ ਤੇ ਕੜੇ ਖਰੀਦੇ ਜਾਇਆ ਕਰਨਗੇ। ਇਸ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸਿਕਲੀਗਰ ਸਿੱਖਾਂ ਦੇ ਇਕ ਹਜ਼ਾਰ ਬੱਚਿਆਂ ਨੂੰ ਦੁਨਿਆਵੀ ਅਤੇ ਗੁਰਮਤਿ ਦੀ ਵਿਦਿਆ ਦੇਣ ਦਾ ਵੀ ਭਰੋਸਾ ਦਿੱਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ ਅਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਮਨਜੀਤ ਸਿੰਘ ਜੀ.ਕੇ. ਨੇ ਵੀ ਸੰਬੋਧਨ ਕੀਤਾ। ਸ. ਜੀ.ਕੇ. ਨੇ ਸਿਕਲੀਗਰ ਸਿੱਖਾਂ ਦੇ ਬੱਚਿਆਂ ਲਈ ਬਣਾਏ ਜਾਣ ਵਾਲੇ ਉਦਯੋਗਿਕ ਸਿਖਲਾਈ ਕੇਂਦਰ ਵਾਸਤੇ ਪੰਜ ਲੱਖ ਰੁਪਏ ਦਾ ਚੈੱਕ ਵੀ ਦਿੱਤਾ। ਇਸ ਤੋਂ ਪਹਿਲਾਂ ਇੰਦੌਰ ਪਹੁੰਚਣ 'ਤੇ ਸ਼੍ਰੋਮਣੀ ਕਮੇਟੀ ਪ੍ਰਧਾਨ, ਜਨਰਲ ਸਕੱਤਰ ਤੇ ਦਿੱਲੀ ਕਮੇਟੀ ਦੇ ਅਹੁਦੇਦਾਰਾਂ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਦਾ ਸ੍ਰੀ ਗੁਰੂ ਸਿੰਘ ਸਭਾ ਦੇ ਨੁਮਾਇੰਦਿਆਂ, ਸਥਾਨਕ ਸਿੱਖ ਆਗੂਆਂ ਅਤੇ ਸੰਗਤਾਂ ਵੱਲੋਂ ਸ਼ਾਨਦਾਰ ਸਵਾਗਤ ਕੀਤਾ ਗਿਆ।

> **ਇੰਦੌਰ 'ਚ ਸਿਕਲੀਗਰ ਸਿੱਖਾਂ ਲਈ ਉਦਯੋਗਿਕ ਸਿਖਲਾਈ ਕੇਂਦਰ ਸਥਾਪਤ ਕੀਤਾ ਜਾਵੇਗਾ -ਭਾਈ ਲੌਂਗੋਵਾਲ**

ਇਸ ਮੌਕੇ ਬਾਬਾ ਘੋਲਾ ਸਿੰਘ ਕਾਰਸੇਵਾ ਸਰਹਾਲੀ ਵਾਲੇ, ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਧਰਮ ਪ੍ਰਚਾਰ ਕਮੇਟੀ ਦਿੱਲੀ ਦੇ ਚੇਅਰਮੈਨ ਸ. ਪਰਮਜੀਤ ਸਿੰਘ ਰਾਣਾ, ਸ੍ਰੀ ਗੁਰੂ ਸਿੰਘ ਸਭਾ ਇੰਦੌਰ ਦੇ ਪ੍ਰਧਾਨ ਸ. ਮਨਜੀਤ ਸਿੰਘ ਰਿੰਕੂ ਭਾਟੀਆ, ਜਨਰਲ ਸਕੱਤਰ ਸ. ਜਸਬੀਰ ਸਿੰਘ ਗਾਂਧੀ, ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਦਰਸ਼ਨ ਸਿੰਘ ਲੌਂਗੋਵਾਲ, ਬਾਬਾ ਗਿਆਨ ਸਿੰਘ ਮਨਹਾਲਾ, ਬਾਬਾ ਤੇਗਾ ਸਿੰਘ ਸ਼ਿਵਪੁਰੀ, ਕਾਰਸੇਵਾ ਸੰਪ੍ਰਦਾ ਭੂਰੀਵਾਲਿਆਂ ਵੱਲੋਂ ਬਾਬਾ ਸਰਪੰਚ ਜੀ ਉਜੈਨ, ਗਿਆਨੀ ਗੁਰਮੀਤ ਸਿੰਘ, ਸ. ਚਰਨਬੀਰ ਸਿੰਘ, ਸ. ਨਿਰਮਲ ਸਿੰਘ ਇੰਦੌਰ, ਸ. ਮਨਵਿੰਦਰ ਸਿੰਘ, ਸ. ਅਮਰਜੀਤ ਸਿੰਘ, ਸ. ਦਿਲਬਾਗ ਸਿੰਘ, ਬਾਬਾ ਗੁਰਭੇਜ ਸਿੰਘ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ।

## ਬਾਬਾ ਖੜਕ ਸਿੰਘ ਦੇ 150ਵੇਂ ਜਨਮ ਦਿਹਾੜੇ ਨੂੰ ਸਮਰਪਿਤ

### ਸ਼੍ਰੋਮਣੀ ਕਮੇਟੀ ਵੱਲੋਂ ਗੁਰਦੁਆਰਾ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਗੁਰਮਤਿ ਸਮਾਗਮ



ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ਼੍ਰੋਮਣੀ ਕਮੇਟੀ ਦੇ ਦੂਸਰੇ ਪ੍ਰਧਾਨ, ਪੰਥ ਦੇ ਬੇਤਾਜ ਬਾਦਸ਼ਾਹ ਬਾਬਾ ਖੜਕ ਸਿੰਘ ਦੇ 150ਵੇਂ ਜਨਮ ਦਿਹਾੜੇ ਨੂੰ ਸਮਰਪਿਤ ਕਰਵਾਏ ਗਏ ਸਮਾਗਮ ਨੂੰ ਸੰਬੋਧਨ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਗੁਰਬਚਨ ਸਿੰਘ ਨੇ ਕਿਹਾ ਕਿ ਗੁਰਦੁਆਰਾ ਪ੍ਰਬੰਧ ਸੁਧਾਰ ਲਹਿਰ ਦੇ ਮੋਹਰੀ ਆਗੂ ਬਾਬਾ ਖੜਕ ਸਿੰਘ ਦਾ ਜੀਵਨ ਗੁਰਮਤਿ ਰਹਿਣੀ ਵਿਚ ਪ੍ਰਪੱਕ ਸੀ ਜਿਸ ਵਿਚ ਹਿੰਮਤ, ਅਣਖ, ਦਲੇਰੀ ਅਤੇ ਦ੍ਰਿੜ੍ਹਤਾ ਜਿਹੇ ਗੁਣ ਮੌਜੂਦ ਸਨ। ਉਨ੍ਹਾਂ ਕਿਹਾ ਕਿ ਬਾਬਾ ਖੜਕ ਸਿੰਘ ਨੇ ਪੰਥ ਦੀ ਚੜ੍ਹਦੀ ਕਲਾ ਲਈ ਮੋਹਰੀ ਰੋਲ ਅਦਾ ਕਰਕੇ ਅਗਲੀਆਂ ਪੀੜ੍ਹੀਆਂ ਲਈ ਪੂਰਨੇ ਪਾਏ, ਜਿਸ 'ਤੇ ਚੱਲ ਕੇ ਪੰਥਕ ਸੇਵਾ ਕਰਨੀ ਸਾਡਾ ਸਭ ਦਾ ਫ਼ਰਜ਼ ਹੈ।ਉਨ੍ਹਾਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਬਾਬਾ ਖੜਕ ਸਿੰਘ ਦੇ 150ਵੇਂ ਜਨਮ ਦਿਹਾੜੇ ਮੌਕੇ ਵਿਸ਼ੇਸ਼ ਸਮਾਗਮ ਕਰਵਾਉਣ 'ਤੇ ਸ਼ਲਾਘਾ ਕਰਨ ਦੇ ਨਾਲ-ਨਾਲ ਸੰਗਤਾਂ ਨੂੰ ਬਾਣੀ ਅਤੇ ਬਾਣੇ ਨਾਲ ਜੁੜਨ ਦੀ ਅਪੀਲ ਵੀ ਕੀਤੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਬਾਬਾ ਖੜਕ ਸਿੰਘ ਗੁਰਦੁਆਰਾ ਪ੍ਰਬੰਧ ਸੁਧਾਰ ਲਹਿਰ ਦੇ ਰੂਹੇ-ਰਵਾਂ ਸਨ ਅਤੇ ਉਨ੍ਹਾਂ ਦਾ 150ਵਾਂ ਜਨਮ ਦਿਹਾੜਾ ਮਨਾਉਣ ਦਾ ਮਕਸਦ ਉਨ੍ਹਾਂ ਦੇ ਜੀਵਨ ਅਤੇ ਘਾਲਣਾ ਨੂੰ ਅਜੋਕੀ ਪੀੜ੍ਹੀ ਤੱਕ ਪਹੁੰਚਾਉਣਾ ਹੈ। ਡਾ. ਰੂਪ ਸਿੰਘ ਨੇ ਬਾਬਾ ਖੜਕ ਸਿੰਘ ਦੇ ਜੀਵਨ ਸਬੰਧੀ ਚਾਨਣਾ ਪਾਉਂਦਿਆਂ ਕਿਹਾ ਕਿ ਉਨ੍ਹਾਂ ਪੰਥ ਦੀ ਚੜ੍ਹਦੀ ਕਲਾ ਲਈ 15 ਵਾਰ ਜ਼ੇਲ੍ਹ ਯਾਤਰਾ ਕੀਤੀ। ਉਨ੍ਹਾਂ ਕਿਹਾ ਕਿ ਜ਼ੇਲ੍ਹ ਅੰਦਰ ਬਾਬਾ ਖੜਕ ਸਿੰਘ ਨੇ ਦਸਤਾਰ ਦੀ ਆਨ-ਸ਼ਾਨ ਲਈ ਮੋਰਚਾ ਖੋਲ੍ਹਿਆ ਜਿਸ ਵਿੱਚੋਂ ਉਹ ਜੇਤੂ ਹੋ ਕੇ ਨਿਕਲੇ। ਉਨ੍ਹਾਂ ਕਿਹਾ ਕਿ ਸ੍ਰੀ ਦਰਬਾਰ ਸਾਹਿਬ ਦੇ ਤੋਸ਼ੇਖਾਨੇ ਦੀਆਂ ਚਾਬੀਆਂ ਦਾ ਮੋਰਚਾ ਵੀ ਬਾਬਾ ਖੜਕ ਸਿੰਘ ਦੀ ਅਗਵਾਈ ਵਿਚ ਜਿੱਤਿਆ ਗਿਆ ਅਤੇ ਸਰਕਾਰ ਨੇ ਪੰਥਕ ਸ਼ਕਤੀ ਅੱਗੇ ਝੁਕਦਿਆਂ ਸੰਗਤ ਦੀ ਹਾਜ਼ਰੀ 'ਚ ਚਾਬੀਆਂ ਬਾਬਾ ਖੜਕ ਸਿੰਘ ਨੂੰ ਦਿੱਤੀਆਂ। ਇਸ ਜਿੱਤ 'ਤੇ ਮਹਾਤਮਾ ਗਾਂਧੀ ਨੇ ਵੀ ਵਧਾਈ ਦਿੱਤੀ ਤੇ ਕਿਹਾ ਕਿ ਅਜ਼ਾਦੀ ਦੀ ਪਹਿਲੀ ਲੜਾਈ ਜਿੱਤ ਲਈ ਗਈ ਹੈ। ਡਾ. ਰੂਪ ਸਿੰਘ ਨੇ ਬਾਬਾ ਖੜਕ ਸਿੰਘ ਦੇ ਜੀਵਨ ਦਾ ਇਕ ਹੋਰ ਪੱਖ ਬਿਆਨ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਆਪਣੇ ਸਮੇਂ ਦੁਨਿਆਵੀਂ ਅਦਾਲਤ ਅੱਗੇ ਪੇਸ਼ ਹੋਣ ਤੋਂ ਇਨਕਾਰ ਕਰ ਦਿੱਤਾ ਸੀ ਅਤੇ ਉਨ੍ਹਾਂ ਦਾ ਜਵਾਬ ਸੀ ਕਿ ਸਿੱਖ ਪੰਥ ਦੇ ਪ੍ਰਧਾਨ ਹੁੰਦਿਆਂ ਉਹ ਕਿਸੇ ਸਰਕਾਰ ਦੇ ਮੁਲਾਜ਼ਮ ਅੱਗੇ ਪੇਸ਼ ਨਹੀਂ ਹੋਣਗੇ। ਡਾ. ਰੂਪ ਸਿੰਘ ਨੇ ਅਜੋਕੀ ਨੌਜੁਆਨੀ ਨੂੰ ਅਜਿਹੇ ਕੌਮੀ ਆਗੂ ਦੇ ਜੀਵਨ ਤੋਂ ਪ੍ਰੇਰਣਾ ਲੈਣ ਦੀ ਅਪੀਲ ਕੀਤੀ।

ਇਸ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਕੌਮ ਦੇ ਪ੍ਰਸਿੱਧ ਰਾਗੀ, ਢਾਡੀ ਅਤੇ ਪ੍ਰਚਾਰਕਾਂ ਨੇ ਗੁਰਬਾਣੀ ਕੀਰਤਨ ਅਤੇ ਗੁਰਮਤਿ ਵਿਚਾਰਾਂ ਨਾਲ ਸੰਗਤ ਨੂੰ ਜੋੜਿਆ। ਇਸ ਮੌਕੇ ਨਿੱਜੀ ਸਕੱਤਰ ਸ. ਜਗਜੀਤ ਸਿੰਘ ਜੱਗੀ, ਵਧੀਕ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਮਹਿੰਦਰ ਸਿੰਘ ਆਹਲੀ, ਸ. ਬਿਜੈ ਸਿੰਘ, ਸ. ਪ੍ਰਤਾਪ ਸਿੰਘ, ਮੀਤ ਸਕੱਤਰ ਸ. ਸਕੱਤਰ ਸਿੰਘ, ਸ. ਗੁਰਮੀਤ ਸਿੰਘ ਬੁੱਟਰ, ਸ. ਗੁਰਬਚਨ ਸਿੰਘ ਲੇਹਲ, ਭਾਈ ਹਰਮਿੱਤਰ ਸਿੰਘ ਕਥਾਵਾਚਕ, ਸ. ਸਤਨਾਮ ਸਿੰਘ ਸੁਪ੍ਰਿੰਟੈਂਡੈਂਟ, ਸ. ਮਲਕੀਤ ਸਿੰਘ ਸਹਾਇਕ ਸੁਪ੍ਰਿੰਟੈਂਡੈਂਟ, ਸ. ਗੁਰਨਾਮ ਸਿੰਘ, ਸ. ਗੁਰਮੀਤ ਸਿੰਘ, ਸ. ਮਨਜੀਤ ਸਿੰਘ, ਭਾਈ ਜਗਦੇਵ ਸਿੰਘ, ਭਾਈ ਸਰਬਜੀਤ ਸਿੰਘ ਢੋਟੀਆਂ, ਭਾਈ ਸੁਰਜੀਤ ਸਿੰਘ ਸਭਰਾ ਸਮੇਤ ਸੰਗਤਾਂ ਹਾਜ਼ਰ ਸਨ।



# ਧਰਮ ਪ੍ਰਚਾਰ ਕਮੇਟੀ ਵੱਲੋਂ ਬੰਗਲੌਰ ਵਿਖੇ ਲਗਾਇਆ ਗਿਆ ਗੁਰਮਤਿ ਕੈਂਪ

ਬੰਗਲੌਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਗੁਰਦੁਆਰਾ ਸਿੰਘ ਸਭਾ ਬੰਗਲੌਰ (ਕਰਨਾਟਕਾ) ਵਿਖੇ ਬੱਚਿਆਂ ਦਾ ਗੁਰਮਤਿ ਸਿਖਲਾਈ ਕੈਂਪ ਲਗਾਇਆ ਗਿਆ। ਇਕ ਮਹੀਨੇ ਦੇ ਲਗਾਏ ਗਏ ਇਸ ਗੁਰਮਤਿ ਕੈਂਪ ਵਿਚ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਪਰਮਜੀਤ ਸਿੰਘ ਅਤੇ ਭਾਈ ਸ਼ਿਵਤਾਰ ਸਿੰਘ ਨੇ ਬੱਚਿਆਂ ਨੂੰ ਸਿੱਖ ਇਤਿਹਾਸ, ਸਿੱਖ ਰਹਿਤ ਮਰਿਯਾਦਾ ਦੀ ਜਾਣਕਾਰੀ ਦੇਣ ਦੇ ਨਾਲ-ਨਾਲ ਗੁਰਬਾਣੀ ਕੰਠ ਕਰਵਾਉਣ, ਸ਼ਬਦ ਕੀਰਤਨ ਅਤੇ ਗਤਕਾ ਸਿਖਲਾਈ ਦੀਆਂ ਕਲਾਸਾਂ ਵੀ ਲਗਾਈਆਂ।

ਕੈਂਪ ਦੀ ਸਮਾਪਤੀ ਤੇ ਭਾਗ ਲੈਣ ਵਾਲੇ ਬੱਚਿਆਂ ਦੇ ਵੱਖ-ਵੱਖ ਮੁਕਾਬਲੇ ਕਰਵਾਏ ਗਏ ਜਿਨ੍ਹਾਂ ਵਿਚ ਬੱਚਿਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਇਸ ਮੌਕੇ ਬੱਚਿਆਂ ਵੱਲੋਂ ਇਕ ਧਾਰਮਿਕ ਨਾਟਕ ਵੀ ਖੇਡਿਆ ਅਤੇ ਗਤਕੇ ਦਾ ਪ੍ਰਦਰਸ਼ਨ ਵੀ ਕੀਤਾ ਗਿਆ। ਮੁਕਾਬਲੇ ਵਿਚ ਭਾਗ ਲੈਣ ਵਾਲੇ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਸਨਮਾਨਤ ਕੀਤਾ ਗਿਆ। ਸੰਗਤਾਂ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਇਸ ਉਪਰਾਲੇ ਦੀ ਪ੍ਰਸੰਸਾ ਕੀਤੀ।

ਇਸ ਕੈਂਪ ਲਈ ਸ. ਜਸਪਾਲ ਸਿੰਘ, ਬੀਬੀ ਇੰਦਰਜੀਤ ਕੌਰ, ਸ. ਸਵਰਨਜੀਤ ਸਿੰਘ, ਸ. ਕਮਲਦੀਪ ਸਿੰਘ, ਸ. ਪ੍ਰਭਜੋਤ ਸਿੰਘ ਬਾਲੀ, ਸ. ਹਰਦੀਪ ਸਿੰਘ ਚੰਢੋਕ, ਮੈਨੇਜਰ ਸ. ਰਿਸ਼ੀਪਾਲ ਸਿੰਘ ਅਤੇ ਸ. ਪਰਗਟ ਸਿੰਘ ਨੇ ਵਿਸ਼ੇਸ ਸਹਿਯੋਗ ਦਿੱਤਾ।

# ਧਰਮ ਪ੍ਰਚਾਰ ਲਹਿਰ ਤਹਿਤ ਸੁਲਤਾਨਵਿੰਡ 'ਚ ਗੁਰਮਤਿ ਕੈਂਪ ਸ਼ੁਰੂ



ਸੁਲਤਾਨਵਿੰਡ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹੈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵਲੋਂ ਚਲਾਈ ਗਈ ਧਰਮ ਪ੍ਰਚਾਰ ਲਹਿਰ ਤਹਿਤ ਸ਼੍ਰੋਮਣੀ ਕਮੇਟੀ ਮੈਂਬਰ ਸ. ਹਰਜਾਪ ਸਿੰਘ ਸੁਲਤਾਨਵਿੰਡ ਦੀ ਅਗਵਾਈ ਵਿਚ ਹਲਕੇ ਦੇ ਵੱਖ-ਵੱਖ ਗੁਰਦੁਆਰਾ ਸਾਹਿਬਾਨ ਵਿਚ ਗੁਰਮਤਿ ਕੈਂਪ ਲਗਾਏ ਗਏ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਮੈਂਬਰ ਸ. ਹਰਜਾਪ ਸਿੰਘ ਸੁਲਤਾਨਵਿੰਡ ਨੇ ਕਿਹਾ ਕਿ ਪਿੰਡ ਸੁਲਤਾਨਵਿੰਡ ਦੇ ਅੱਠ ਗੁਰਦੁਆਰਾ ਸਾਹਿਬ ਦੀ ਚੋਣ ਕਰਕੇ ਗੁਰਮਤਿ ਕੈਂਪ ਲਗਾਏ ਗਏ ਹਨ। ਉਨ੍ਹਾਂ ਕਿਹਾ ਕਿ ਸਿੱਖੀ ਸਰੂਪ ਦੀ ਸੰਭਾਲ ਅਤੇ ਸਿੱਖ ਧਰਮ 'ਚ ਸਿੱਖ ਪਰਿਵਾਰਾਂ, ਬੱਚਿਆਂ ਤੇ ਨੌਜੁਆਨਾਂ ਨੂੰ ਪਰਪੱਕ ਕਰਨ ਲਈ ਅਜਿਹੀ ਲਹਿਰ ਦੀ ਲੋੜ ਸੀ। ਇਸ ਲਈ ਸ਼੍ਰੋਮਣੀ ਕਮੇਟੀ ਪ੍ਰਧਾਨ ਲੌਂਗੋਵਾਲ ਵਲੋਂ ਅਰੰਭ ਕਰਵਾਈ ਇਸ ਲਹਿਰ ਤਹਿਤ ਗੁਰਦੁਆਰਾ ਸਾਹਿਬਾਨ 'ਚ ਪੁੱਜਣ ਵਾਲੇ ਬੱਚਿਆਂ ਤੇ ਬੀਬੀਆਂ ਨੂੰ ਸਿੱਖ ਧਰਮ ਤੇ ਸਿੱਖ ਇਤਿਹਾਸ ਬਾਰੇ ਜਾਣਕਾਰੀ ਦੇਣ ਦੇ ਨਾਲ ਗੁਰਬਾਣੀ ਦੀ ਸੰਥਿਆ ਵੀ ਕਰਵਾਈ ਜਾਵੇਗੀ। ਉਨ੍ਹਾਂ ਕਿਹਾ ਕਿ ਇਲਾਕੇ ਦੀਆਂ ਉਨ੍ਹਾਂ ਬੀਬੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਜਾਵੇਗਾ, ਜਿਨ੍ਹਾਂ ਦੇ ਬੱਚਿਆਂ ਨੇ ਕੇਸ ਰੱਖੇ ਹੋਏ ਹਨ। ਇਸ ਮੌਕੇ ਭਾਈ ਇੰਦਰਜੀਤ ਸਿੰਘ ਪ੍ਰਚਾਰਕ, ਬੀਬੀ ਅਮਨਦੀਪ ਕੌਰ ਪ੍ਰਚਾਰਕ, ਸ. ਭੁਪਿੰਦਰ ਸਿੰਘ ਮਾਹਲ, ਬਾਬਾ ਅਵਤਾਰ ਸਿੰਘ, ਸ. ਸੰਤੋਖ ਸਿੰਘ, ਸ. ਜਤਿੰਦਰਬੀਰ ਸਿੰਘ, ਸ. ਜਗੀਰ ਸਿੰਘ, ਡਾ. ਗੁਰਿੰਦਰ ਸਿੰਘ, ਸ. ਕਸ਼ਮੀਰ ਸਿੰਘ, ਸ. ਗੁਰਮੇਜ ਸਿੰਘ ਅਤੇ ਸੰਗਤਾਂ ਹਾਜ਼ਰ ਸਨ।

# ਸ਼੍ਰੋਮਣੀ ਕਮੇਟੀ ਹਲਕਾ ਡੇਰਾ ਬਾਬਾ ਨਾਨਕ ਦੇ ਪਿੰਡ ਮਾਨ ਵਿਖੇ ਗੁਰਮਤਿ ਕੈਂਪ ਲਗਾਇਆ



ਡੇਰਾ ਬਾਬਾ ਨਾਨਕ - ਸ੍ਰੀ ਗੁਰੂ ਨਾਨਕ ਦੇਵ ਜੀ ਦੀ 550 ਸਾਲਾ ਜਨਮ ਸ਼ਤਾਬਦੀ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਚਲਾਈ ਜਾ ਰਹੀ ਧਰਮ ਪ੍ਰਚਾਰ ਲਹਿਰ ਤਹਿਤ ਸ਼੍ਰੋਮਣੀ ਕਮੇਟੀ ਹਲਕਾ ਡੇਰਾ ਬਾਬਾ ਨਾਨਕ ਦੇ ਨੌਜਵਾਨ ਆਗੂ ਭਾਈ ਸੁਖਵਿੰਦਰ ਸਿੰਘ ਅਗਵਾਨ ਦੇ ਜਤਨਾ ਨਾਲ ਪਿੰਡ ਮਾਨ ਵਿਖੇ ਗੁਰਮਤਿ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਬੱਚਿਆਂ ਦੇ ਕਲਾਸਾਂ ਅਨੁਸਾਰ ਗਰੁੱਪ ਬਣਾ ਕੇ ਉਨ੍ਹਾਂ ਨੂੰ ਗੁਰਬਾਣੀ ਸੰਥਿਆ, ਸਿੱਖ ਇਤਿਹਾਸ, ਰਹਿਤ ਮਰਿਯਾਦਾ ਬਾਰੇ ਸਿੱਖਿਆ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਹਿੰਮਤਬੀਰ ਸਿੰਘ ਵੀਲ੍ਹਾ ਵੱਲੋਂ ਦਿੱਤੀ ਗਈ। ਕੈਂਪ ਦੀ ਸਮਾਪਤੀ ਤੇ ਬੱਚਿਆਂ ਦਾ ਟੈਸਟ ਲਿਆ ਗਿਆ ਅਤੇ ਧਾਰਮਿਕ ਮੁਕਾਬਲੇ ਕਰਵਾਏ ਗਏ। ਸਮਾਪਤੀ ਸਮਾਗਮ ਵਿੱਚ ਬੱਚਿਆਂ ਨੇ ਕਵਿਤਾ ਅਤੇ ਲੈਕਚਰ ਗਾਇਨ ਕੀਤੇ। ਇਸ ਮੌਕੇ ਪਾਠ, ਅਰਦਾਸ, ਹੁਕਮਨਾਮਾ, ਦੇਗ ਵਰਤਾਉਣ ਆਦਿ ਸਭ ਸੇਵਾਵਾਂ ਬੱਚਿਆਂ ਵੱਲੋਂ ਨਿਭਾਈਆਂ ਗਈਆ। ਕੈਂਪ ਵਿੱਚ ਭਾਗ ਲੈਣ ਵਾਲੇ ਸਾਰੇ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਭਾਈ ਸੁਖਵਿੰਦਰ ਸਿੰਘ ਅਗਵਾਨ, ਸ. ਗੁਰਦੇਵ ਸਿੰਘ ਮੈਨੇਜਰ, ਗੁਰਦੁਆਰਾ ਸ੍ਰੀ ਦਰਬਾਰ ਸਾਹਿਬ, ਡੇਰਾ ਬਾਬਾ ਨਾਨਕ ਅਤੇ ਭਾਈ ਹਿੰਮਤ ਸਿੰਘ ਮਾਨ ਨੇ ਮੈਡਲ ਅਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ। ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹਰ ਗਰੁੱਪ ਵਿੱਚ ਪਹਿਲੀਆਂ ਤਿੰਨ ਪੁਜੀਸ਼ਨਾਂ ਤੇ ਆਉਣ ਵਾਲੇ ਬੱਚਿਆਂ ਨੂੰ ਵਿਸ਼ੇਸ਼ ਸਨਮਾਨ ਚਿੰਨ੍ਹ ਦਿੱਤੇ ਗਏ।

# ਸ਼੍ਰੋਮਣੀ ਕਮੇਟੀ ਹਲਕਾ ਜੋਗਾ ਦੇ ਵੱਖ-ਵੱਖ ਪਿੰਡਾਂ ਵਿਚ ਗੁਰਮਤਿ ਸਿਖਲਾਈ ਕੈਂਪ



ਭੀਖੀ, -ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਸਾਲਾਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼ੁਰੂ ਕੀਤੀ ਧਰਮ ਪ੍ਰਚਾਰ ਲਹਿਰ ਤਹਿਤ ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਪ੍ਰੀਤ ਸਿੰਘ ਝੱਬਰ ਵਲੋਂ ਹਲਕਾ ਜੋਗਾ ਦੇ ਵੱਖ-ਵੱਖ ਪਿੰਡਾਂ 'ਚ ਬੱਚਿਆਂ ਦੇ ਗੁਰਮਤਿ ਸਮਰ ਕੈਂਪ ਲਗਾਏ ਜਾ ਰਹੇ ਹਨ। ਹਲਕਾ ਜੋਗਾ ਦੇ ਪਿੰਡ ਬੱਪੀਆਣਾ, ਗੁਰਦੁਆਰਾ ਸਾਹਿਬ ਬਾਬਾ ਵਿਸਵਕਰਮਾ ਜੀ ਭੀਖੀ, ਪਿੰਡ ਦਲੇਲ ਸਿੰਘ ਵਾਲਾ, ਮੂਲਾ ਸਿੰਘ ਵਾਲਾ, ਕਿਸ਼ਨਗੜ੍ਹ ਫਰਵਾਹੀਂ, ਗੁਰਦੁਆਰਾ ਸਾਹਿਬ ਭਾਈ ਬਹਿਲੋ ਜੀ ਫਫੜੇ ਭਾਈਕੇ, ਪਿੰਡ ਖਿੱਲਣ, ਕੋਟ ਲੱਲੂ, ਚਕੇਰੀਆਂ, ਬਰਨਾਲਾ, ਨੰਗਲ ਕਲਾਂ, ਗੁਰਦੁਆਰਾ ਸਾਹਿਬ ਭਗਤ ਰਵਿਦਾਸ ਜੀ ਭੀਖੀ, ਪਿੰਡ ਧਲੇਵਾਂ, ਬੀਰ ਖੁਰਦ, ਹੋਡਲਾ, ਮੋਹਰ ਸਿੰਘ ਵਾਲਾ, ਗੁਰਦੁਆਰਾ ਸਾਹਿਬ ਬਾਬਾ ਜੀਵਨ ਸਿੰਘ ਵਾਲਾ ਭੀਖੀ, ਗੁਰਦੁਆਰਾ ਸਾਹਿਬ ਪਾ: 9ਵੀਂ ਭੀਖੀ, ਪਿੰਡ ਖੋਖਰ ਕਲਾਂ, ਖੋਖਰ ਖੁਰਦ, ਰਮਦਿੱਤੇ ਵਾਲਾ ਆਦਿ ਵਿਚ ਗੁਰਮਤਿ ਕੈਂਪ ਲਗਾਏ ਗਏ। ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਪ੍ਰੀਤ ਸਿੰਘ ਝੱਬਰ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਦਾ ਮਕਸਦ ਛੁੱਟੀਆਂ ਵਿਚ ਪਿੰਡ ਪਿੰਡ ਜਾ ਕੇ ਬੱਚਿਆਂ ਨੂੰ ਗੁਰਮਤਿ ਨਾਲ ਜੋੜਨਾ ਹੈ। ਉਨ੍ਹਾਂ ਕਿਹਾ ਕਿ ਬੱਚਿਆਂ ਦੀ ਸਖਸ਼ੀਅਤ ਉਸਾਰੀ ਲਈ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਸਾਹਿਬਾਨ ਬੱਚਿਆਂ ਨੂੰ ਆਪਣੇ ਅਮੀਰ ਵਿਰਸੇ ਤੋਂ ਜਾਣੂ ਕਰਵਾ ਰਹੇ ਹਨ। ਇਸ ਮੌਕੇ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਧਾਰਮਿਕ ਸਾਹਿਤ ਵੀ ਦਿੱਤਾ ਜਾ ਰਿਹਾ ਹੈ। ਸਰਦਾਰ ਝੱਬਰ ਨੇ ਕਿਹਾ ਕਿ ਗੁਰਮਤਿ ਸਾਹਿਤ ਪੜ੍ਹਨਾ ਸਮੇਂ ਦੀ ਲੋੜ ਹੈ ਤਾਂ ਜੋ ਬੱਚੇ ਆਪਣੇ ਵਿਰਸੇ 'ਤੇ ਇਤਿਹਾਸ ਤੋਂ ਜਾਣੂ ਹੋ ਕੇ ਗੁਰੂ ਸਾਹਿਬ ਵਲੋਂ ਦਰਸਾਏ ਮਾਰਗ 'ਤੇ ਚੱਲ ਕੇ ਆਪਣਾ ਜੀਵਨ ਸਫਲ ਬਣਾ ਸਕਣ। ਸ਼੍ਰੋਮਣੀ ਕਮੇਟੀ ਦੇ ਇਸ ਉਪਰਾਲੇ ਦੀ ਸੰਗਤਾਂ ਵੱਲੋਂ ਸ਼ਲਾਘਾ ਕੀਤੀ ਜਾ ਰਹੀ ਹੈ। ਇਸ ਮੌਕੇ ਮੈਨੇਜਰ ਸ. ਗੁਰਜੀਤ ਸਿੰਘ, ਮੈਨੇਜਰ ਸ. ਅਜੈਬ ਸਿੰਘ ਜੋਗਾ, ਸ. ਗੁਰਦੀਪ ਸਿੰਘ, ਸ. ਬਲਜੀਤ ਸਿੰਘ, ਸ. ਸੁਖਦੇਵ ਸਿੰਘ, ਸ. ਰਾਜ ਸਿੰਘ, ਸ. ਸੁਖਪਾਲ ਸਿੰਘ, ਸ. ਮਨਦੀਪ ਸਿੰਘ, ਸ. ਅਮਰੀਕ ਸਿੰਘ, ਸ. ਸਤਨਾਮ ਸਿੰਘ ਝੱਬਰ, ਪ੍ਰਧਾਨ ਸ. ਰਣਧੀਰ ਸਿੰਘ, ਸ. ਰੇਸ਼ਮ ਸਿੰਘ ਗ੍ਰੰਥੀ, ਸ. ਸੁਖਚੈਨ ਸਿੰਘ, ਸ. ਬਬਲੀ ਸਿੰਘ ਝੱਬਰ, ਸ. ਨਿਰਭੈ ਸਿੰਘ, ਸ. ਦਿਆ ਸਿੰਘ ਆਦਿ ਹਾਜ਼ਰ ਸਨ।

# 5 ਰੋਜਾ ਗੁਰਮਤਿ ਸਿਖਿਲਾਈ ਕੈਂਪ ਲਾਇਆ



ਨਾਭਾ- ਇਤਿਹਾਸਕ ਗੁਰਦੁਆਰਾ ਬਾਬਾ ਅਜਾਪਾਲ ਸਿੰਘ (ਘੋੜਿਆਂ ਵਾਲਾ) ਵਿਖੇ ਸ਼੍ਰੋਮਣੀ ਕਮੇਟੀ ਮੈਂਬਰ ਸਤਵਿੰਦਰ ਸਿੰਘ ਟੌਹੜਾ ਦੇ ਵਿਸ਼ੇਸ ਜਤਨ ਨਾਲ ਧਰਮ ਪ੍ਰਚਾਰ ਕਮੇਟੀ ਵੱਲੋਂ ਬੱਚਿਆਂ ਦਾ 5 ਰੋਜਾ ਗੁਰਮਤਿ ਕੈਂਪ ਲਗਾਇਆ ਗਿਆ। ਇਸ ਮੌਕੇ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਦੇ ਹੈਡ ਗ੍ਰੰਥੀ ਗਿਆਨੀ ਹਰਪਾਲ ਸਿੰਘ ਨੇ ਬੱਚਿਆਂ ਨੂੰ ਸੰਬੋਧਨ ਹੁੰਦਿਆਂ ਕਿਹਾ ਕਿ ਸਾਨੂੰ ਬਚਪਨ ਤੋਂ ਹੀ ਗੁਰਬਾਣੀ ਦਾ ਓਟ ਆਸਰਾ ਲੈ ਕੇ ਜੀਵਨ ਦਾ ਨਿਸ਼ਾਨਾ ਮਿਥਣਾ ਚਾਹੀਦਾ ਹੈ। ਸ਼੍ਰੋਮਣੀ ਕਮੇਟੀ ਮੈਂਬਰ ਸ. ਸਤਵਿੰਦਰ ਸਿੰਘ ਟੌਹੜਾ ਨੇ ਬੱਚਿਆਂ ਨੂੰ ਕੇਸਾਂ ਦੀ ਮਹੱਤਤਾ ਤੋਂ ਜਾਣੂ ਕਰਵਾਉਂਦਿਆਂ ਆਪਣੇ ਅਮੀਰ ਵਿਰਸੇ ਨਾਲ ਜੁੜੇ ਰਹਿਣ ਦੀ ਪ੍ਰੇਰਨਾ ਕੀਤੀ। ਕੈਂਪ ਦੀ ਸਮਪੂਰਨਤਾ ਤੇ ਬੱਚਿਆਂ ਦੇ ਧਾਰਮਿਕ ਮੁਕਾਬਲੇ ਕਰਵਾਏ ਜਿਸ ਵਿਚ ਕਵਿਤਾ ਮੁਕਾਬਲੇ, ਕੁਇਜ਼ ਮੁਕਾਬਲੇ, ਗਤਕਾ, ਦਸਤਾਰਬੰਦੀ, ਗੁਰਬਾਣੀ ਸ਼ਬਦ ਗਾਇਨ ਆਦਿ ਸ਼ਾਮਲ ਸਨ। ਮੁਕਾਬਲੇ ਵਿਚ ਜੇਤੂ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਮੈਂਬਰ ਸਤਵਿੰਦਰ ਸਿੰਘ ਟੌਹੜਾ, ਵਧੀਕ ਸਕੱਤਰ ਸ. ਕੇਵਲ ਸਿੰਘ, ਸਰਬੱਤ ਦਾ ਭਲਾ ਟਰੱਸਟ ਦੇ ਮੁੱਖੀ ਐਸ.ਪੀ.ਐਸ. ਓਬਰਾਏ, ਸ. ਜੱਸਾ ਸਿੰਘ ਸੰਧੂ ਅਤੇ ਹੋਰ ਵਿਸ਼ੇਸ਼ ਮਹਿਮਾਨਾਂ ਨੇ ਸਨਮਾਨਿਤ ਕੀਤਾ। ਕੈਂਪ ਵਿਚ ਭਾਗ ਲੈਣ ਵਾਲੇ ਸਾਰੇ ਬੱਚਿਆਂ ਨੂੰ ਵੀ ਸਨਮਾਨਤ ਕੀਤਾ ਗਿਆ। ਇਸ ਮੌਕੇ ਗਿਆਨੀ ਹਰਪਾਲ ਸਿੰਘ ਜੀ ਮੁੱਖ ਗ੍ਰੰਥੀ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਦਾ ਵਿਸ਼ੇਸ਼ ਸਨਮਾਨ ਕੀਤਾ।

# ਗੁਰਦੁਆਰਾ ਗੁਰੂਸਰ ਸਾਹਿਬ ਮਾਦੋਕੇ ਬਰਾੜ ਵਿਖੇ ਅੰਮ੍ਰਿਤ ਛਕ ਕੇ 88 ਪ੍ਰਾਣੀ ਗੁਰੂ ਵਾਲੇ ਬਣੇ



ਮਾਦੋਕੇ ਬਰਾੜ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਗੁਰਦੁਆਰਾ ਗੁਰੂਸਰ ਸਾਹਿਬ, ਮਾਦੋਕੇ ਬਰਾੜ ਵਿਖੇ ਗੁਰਮਤਿ ਸਮਾਗਮ ਅਤੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਜਥੇਦਾਰ ਸੁਰਜੀਤ ਸਿੰਘ ਭਿੱਟੇਵੱਡ ਅਤੇ ਬੀਬੀ ਬਲਵਿੰਦਰ ਕੌਰ ਲੋਪੋਕੇ ਦੀ ਅਗਵਾਈ ਵਿੱਚ ਕਰਵਾਏ ਗਏ ਇਸ ਸਮਾਗਮ ਤੋਂ ਪਹਿਲਾਂ ਧਰਮ ਪ੍ਰਚਾਰ ਕਮੇਟੀ ਦੇ ਮਾਝਾ ਜ਼ੋਨ ਦੇ ਇੰਚਾਰਜ ਭਾਈ ਸੁਰਜੀਤ ਸਿੰਘ ਸਭਰਾ, ਪ੍ਰਚਾਰਕ ਭਾਈ ਸੁਖਵੰਤ ਸਿੰਘ ਸਭਰਾ, ਭਾਈ ਹਿੰਮਤਬੀਰ ਸਿੰਘ ਵੀਲ੍ਹਾ ਅਤੇ ਭਾਈ ਬਲਵੰਤ ਸਿੰਘ ਢੱਡੇ ਦੇ ਕਵੀਸ਼ਰ ਜਥੇ ਨੇ ਵੱਖ-ਵੱਖ ਪਿੰਡਾਂ ਵਿਚ ਪਹੁੰਚ ਕਰਕੇ ਸੰਗਤਾਂ ਨੂੰ ਗੁਰਮਤਿ ਸਿਧਾਂਤਾਂ ਤੋਂ ਜਾਣੂ ਕਰਵਾਉਂਦੇ ਹੋਏ ਅੰਮ੍ਰਿਤ ਛੱਕਣ ਦੀ ਪ੍ਰੇਰਨਾ ਕਤਿੀ।

22 ਜੂਨ ਨੂੰ ਕਰਵਾਏ ਗਏ ਇਸ ਅੰਮ੍ਰਿਤ ਸੰਚਾਰ ਸਮਾਗਮ ਸਮੇਂ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪਹੁੰਚੇ ਪੰਜ ਪਿਆਰੇ ਸਾਹਿਬਾਨ ਪਾਸੋਂ 88 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਅੰਮ੍ਰਿਤ ਅਭਿਲਾਖੀਆਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਵੰਡੇ ਗਏ।

ਇਸ ਸਮੇਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਜਥੇਦਾਰ ਸੁਰਜੀਤ ਸਿੰਘ ਭਿੱਟੇਵੱਡ ਅਤੇ ਬੀਬੀ ਬਲਵਿੰਦਰ ਕੌਰ ਲੋਪੋਕੇ ਨੇ ਸਮਾਗਮ ਦੀ ਸਫਲਤਾ ਲਈ ਸੰਗਤਾਂ ਦਾ ਧੰਨਵਾਦ ਕਰਦਿਆਂ ਅੰਮ੍ਰਿਤ ਛੱਕਣ ਵਾਲਿਆਂ ਨੂੰ ਵਧਾਈ ਦਿੱਤੀ। ਇਸ ਸਮੇਂ ਮੈਨੇਜਰ ਸ. ਦਿਲਬਾਗ ਸਿੰਘ, ਭਾਈ ਨਿਰਵੈਰ ਸਿੰਘ ਗ੍ਰੰਥੀ, ਸ. ਕੇਵਲ ਸਿੰਘ ਮੀਤ ਮੈਨੇਜਰ ਸਮੇਤ ਸੰਗਤਾਂ ਹਾਜ਼ਰ ਸਨ।

# ਜ਼ਿਲ੍ਹਾ ਮਾਨਸਾ ਦੇ ਵੱਖ-ਵੱਖ ਪਿੰਡਾਂ ਵਿਚ ਦਸ ਰੋਜਾ ਗੁਰਮਤਿ ਸਿਖਲਾਈ ਕੈਂਪ ਲਗਾਏ



ਮਾਨਸਾ - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਮਾਲਵਾ ਜੋਨ ਦੇ ਵੱਖ-ਵੱਖ ਪਿੰਡਾਂ ਵਿੱਚ ਗੁਰਮਤਿ ਸਿਖਲਾਈ ਕੈਂਪ ਲਗਾਏ ਗਏ। ਜਥੇਦਾਰ ਮਨਜੀਤ ਸਿੰਘ ਬੱਪੀਆਣਾ ਮੈਂਬਰ ਧਰਮ ਪ੍ਰਚਾਰ ਕਮੇਟੀ ਦੀ ਅਗਵਾਈ ਵਿਚ ਬਾਬਾ ਬੂਟਾ ਸਿੰਘ ਗੁਰਥੜੀ ਅਤੇ ਜਥੇਦਾਰ ਮਿੱਠੂ ਸਿੰਘ ਕਾਹਨੇਕੇ, ਬੀਬੀ ਜਸਵੀਰ ਕੌਰ ਦਾਤੇਵਾਸ ਜਥੇਦਾਰ ਸੁਰਜੀਤ ਸਿੰਘ ਰਾਏਪੁਰ ਮੈਂਬਰ ਸ਼੍ਰੋਮਣੀ ਕਮੇਟੀ ਦੇ ਸਹਿਯੋਗ ਨਾਲ ਜ਼ਿਲ੍ਹਾ ਮਾਨਸਾ ਦੇ ਵੱਖ-ਵੱਖ ਪਿੰਡਾਂ ਵਿਚ ਦਸ ਰੋਜਾ ਗੁਰਮਤਿ ਸਿੱਖਲਾਈ ਕੈਂਪ ਲਗਾਏ ਗਏ। ਇਨ੍ਹਾਂ ਕੈਂਪਾਂ ਵਿੱਚ ਬੱਚਿਆਂ ਨੂੰ ਗੁਰਬਾਣੀ ਸੰਥਿਆ, ਸਿੱਖ ਰਹਿਤ ਮਰਯਾਦਾ ਤੇ ਸਿੱਖ ਧਰਮ ਦੀ ਮੁੱਢਲੀ ਜਾਣਕਾਰੀ ਦੇਣ ਦੇ ਨਾਲ-ਨਾਲ ਕੇਸਾਂ ਦੀ ਮਹੱਤਤਾ ਤੋਂ ਜਾਣੂ ਕਰਵਾਇਆ ਗਿਆ ਅਤੇ ਪਤਿਤ ਬੱਚਿਆਂ ਨੂੰ ਕੇਸ ਰੱਖ ਕੇ ਦਸਤਾਰਾ ਸਜਾਉਣ ਲਈ ਪ੍ਰੇਰਿਆ ਗਿਆ। ਇਨ੍ਹਾਂ ਵਿਚ ਹਲਕਾ ਮਾਨਸਾ ਦੇ ਪਿੰਡ ਜੋਈਆਂ, ਆਲਮਪੁਰ ਮੰਦਰਾਂ, ਮੱਲ ਸਿੰਘ ਵਾਲਾ, ਗੁਰਦੁਆਰਾ ਸਾਹਿਬ ਪਾਤਸ਼ਾਹੀ 9ਵੀਂ ਪਿੰਡ ਵਰ੍ਹੇ, ਪਿੰਡ ਸੰਦਲੀ, ਆਹਮਦਪੁਰ, ਕੁਲੈਹਰੀ, ਗੁਰਦੁਆਰਾ ਰਕਾਬਸਰ ਸਾਹਿਬ ਪਾਤਸ਼ਾਹੀ 9ਵੀਂ ਪਿੰਡ ਭੈਣੀ ਬਾਘਾ, ਪਿੰਡ ਭਾਈ ਦੇਸਾ ਕੈਂਪ ਲਗਾਏ ਗਏ। ਇਸੇ ਤਰ੍ਹਾਂ ਹਲਕਾ ਸਰਦੂਲਗੜ੍ਹ ਦੇ ਪਿੰਡ ਹਾਕਮਵਾਲਾ, ਮਾਖੇ ਵਾਲਾ, ਖਿਆਲੀ ਚਹਿਲਾਂਵਾਲੀ, ਦਸੋਧੀਆ, ਰਾਮਾਨੰਦੀ ਆਦਿ ਵਿਚ ਵੀ ਗੁਰਮਤਿ ਕੈਂਪਾਂ ਦਾ ਅਜੋਜਨ ਕੀਤਾ ਗਿਆ। ਇਨ੍ਹਾਂ ਸਮਾਗਮਾਂ ਦੀ ਸਫਲਤਾ ਲਈ ਸਬ ਆਫਿਸ ਧਰਮ ਪ੍ਰਚਾਰ ਕਮੇਟੀ, ਤਖਤ ਸ੍ਰੀ ਦਮਦਮਾ ਸਾਹਿਬ, ਤਲਵੰਡੀ ਸਾਬੋ ਦੇ ਵਧੀਕ ਸਕੱਤਰ ਸ. ਕੇਵਲ ਸਿੰਘ ਅਤੇ ਇੰਚਾਰਜ਼ ਸ. ਭੋਲਾ ਸਿੰਘ ਨੇ ਅਹਿਮ ਭੂਮਿਕਾ ਨਿਭਾਈ। ਕੈਂਪ ਵਿੱਚ ਭਾਗ ਲੈਣ ਵਾਲੇ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਪ੍ਰਮਾਣ ਪੱਤਰ ਤੇ ਮੈਡਲ ਦੇ ਕੇ ਸਨਮਾਨਤਿ ਕੀਤਾ ਗਿਆ।

# ਜੂਨ ਮਹੀਨੇ ਹੋਈਆਂ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਬੱਚਿਆਂ ਲਈ ਲਗਾਏ ਗਏ ਗੁਰਮਤਿ ਸਮਰ ਕੈਂਪ ਦੇ ਦ੍ਰਿਸ਼


ਯੂ.ਪੀ.ਸਿੱਖ ਮਿਸ਼ਨ ਹਾਪੜ ਵੱਲੋਂ ਧਾਮਪੁਰ ਬਿਜਨੌਰ ਵਿਖੇ ਲਗਾਏ ਗਏ ਗੁਰਮਤਿ ਸਿਖਲਾਈ ਕੈਂਪ ਵਿਚ ਤਬਲਾ ਤੇ ਹਰਮੋਨੀਅਮ ਸਿੱਖਦੇ ਹੋਏ ਛੋਟੇ-ਛੋਟੇ ਬੱਚੇ।


ਮੱਧ ਪ੍ਰਦੇਸ਼ ਸਿੱਖ ਮਿਸ਼ਨ ਇੰਦੌਰ ਵੱਲੋਂ ਪਿੰਡ ਬਾਕਾਨੇਰ ਵਿਖੇ ਛੋਟੇ-ਛੋਟੇ ਬੱਿਚਆਂ ਨੂੰ ਗੁਰਮਤਿ ਤੇ ਸਿੱਖੀ ਦੀ ਜਾਣਕਾਰੀ ਦਿੰਦੇ ਹੋਏ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ।


ਯੂ.ਪੀ.ਸਿੱਖ ਮਿਸ਼ਨ ਹਾਪੜ ਅਲੀਗੜ੍ਹ ਵੱਲੋਂ ਬੇਕੁੰਟਨਗਰ ਅਲੀਗੜ੍ਹ ਵਿਖੇ ਬੱਚਿਆਂ ਨੂੰ ਸਿੱਖ ਫਿਲਾਸਫੀ ਦੀ ਜਾਣਕਾਰਂੀ ਦਿੱਤੀ ਗਈ।


21-22 ਜੂਨ ਨੂੰ ਪਿੰਡ ਟਾਂਡਾ ਵਿਖੇ ਵਿਦਿਆਰਥੀਆਂ ਦੇ ਲਗਾਏ ਗਏ ਗੁਰਮਤਿ ਸਿਖਲਾਈ ਕੈਂਪ ਦੀ ਤਸਵੀਰ।


ਬਟਾਲਾ ਦੇ ਪਿੰਡ ਵਡਾਲਾ ਵਿਖੇ 20 ਤੋਂ 25 ਜੂਨ ਤਕ ਲਗਾਏ ਗਏ ਗੁਰਮਤਿ ਕੈਂਪ ਦੌਰਾਨ ਵਿਦਿਆਰਥੀਆਂ ਨੂੰ ਪਾਠ ਦੀ ਸੰਥਿਆ ਦਿੰਦੇ ਹੋਏ ਪ੍ਰਚਾਰਕ ਭਾਈ ਸਿਮਰਨਜੀਤ ਸਿੰਘ।


ਛੁਟੀਆਂ ਦੌਰਾਨ ਝਾਰਖੰਡ (ਬਿਹਾਰ) ਵਿਖੇ ਬੱਚਿਆਂ ਲਈ ਆਯੋਜਤ ਕੀਤੇ ਗਏ ਗੁਰਮਤਿ ਕੈਂਪ ਦਾ ਦ੍ਰਿਸ਼।


ਗੁਰਦਾਸਪੁਰ ਵਿਖੇ ਲਗਾਏ ਗਏ ਗੁਰਮਤਿ ਕੈਂਪ ਦੌਰਾਨ ਭਾਈ ਬਲਵੰਤ ਸਿੰਘ ਐਨੋਕੋਟ ਬੱਚਿਆਂ ਨੂੰ ਗੁਰਮਤਿ ਸਬੰਧੀ ਜਾਣਕਾਰੀ ਦਿੰਦੇ ਹੋਏ।


ਗੁਰੂ ਕਾ ਬਾਗ ਵਿਖੇ ਬੱਚਿਆਂ ਨੂੰ ਗੁਰਬਾਣੀ ਪੜ੍ਹਨੀ ਸਿਖਾਉਂਦੇ ਹੋਏ ਪ੍ਰਚਾਰਕ ਭਾਈ ਮਨਦੀਪ ਸਿੰਘ ਚੰਢੇਰ ਤੇ ਕਵੀਸ਼ਰ ਭਾਈ ਮਨਜੀਤ ਸਿੰਘ।


ਹਲਕਾ ਧਾਰੀਵਾਲ ਦੇ ਪਿੰਡ ਡਡਵਾ ਵਿਖੇ ਬੱਚਿਆਂ ਨੂੰ ਗੁਰਮਤਿ ਦੀ ਜਾਣਕਾਰੀ ਦਿੰਦੇ ਹੋਏ ਪ੍ਰਚਾਰਕ ਬੀਬੀ ਰਾਜਬੀਰ ਕੌਰ।


ਗੁਰਦੁਆਰਾ ਬੁਰਜ ਸਾਹਿਬ ਧਾਰੀਵਾਲ ਵਿਖੇ ਬੱਚਿਆਂ ਨੂੰ ਨਾਮ ਸਿਮਰਨ ਕਰਵਾਉਂਦੇ ਹੋਏ ਪ੍ਰਚਾਰਕ ਬੀਬੀ ਰਾਜਬੀਰ ਕੌਰ ਤੇ ਭਾਈ ਮਨਜੀਤ ਸਿੰਘ।


ਗੁਰਦੁਆਰਾ ਲਕੀਰ ਸਾਹਿਬ (ਤਰਨ ਤਾਰਨ) ਵਿਖੇ ਬੱਚਿਆਂ ਦੇ ਲਗਾਏ ਸਮਰ ਕੈਂਪ ਦਾ ਦ੍ਰਿਸ਼।


ਪਿੰਡ ਭੈਣੀ ਗਿੱਲਾਂ ਵਿਖੇ ਗੁਰਮਤਿ ਸਿਖਲਾਈ ਕੈਂਪ 'ਚ ਭਾਗ ਲੈਣ ਵਾਲੇ ਬੱਚਿਆਂ ਨੂੰ ਸਨਮਾਨਿਤ ਕਰਦੇ ਹੋਏ ਭਾਈ ਸੁਰਜੀਤ ਸਿੰਘ ਇੰਚਾਰਜ ਮਾਝਾ ਜੋਨ ਅਤੇ ਪ੍ਰਚਾਰਕ ਸਾਹਿਬਾਨ।


ਗੁਰਦੁਆਰਾ ਨਹਿਰੂ ਨਗਰ ਭਿਲਾਈ, ਦੁਰਗ (ਛੱਤੀਸਗੜ੍ਹ) ਵਿਖੇ ਬੱਚਿਆਂ ਦੇ ਗੁਰਮਤਿ ਮੁਕਾਬਲੇ ਕਰਵਾਏ ਗਏ।


ਕਰਤਾਰ ਪਬਲਿਕ ਹਾਈ ਸਕੂਲ ਬਰਨੋਟੀ ਜਿਲਾ ਕਠੂਹਾ ਵਿਖੇ ਲਗਾਏ ਗਏ ਗੁਰਮਤਿ ਕੈਂਪ ਵਿਚ ਵਿਦਿਆਰਥੀਆ ਨੂੰ ਜਪੁ ਜੀ ਸਾਹਿਬ ਦੀ ਸੰਥਿਆ ਕਰਵਾਉਂਦੇ ਹੋਏ ਪ੍ਰਚਾਰਕ ਭਾਈ ਬਟਨਾਮ ਸਿੰਘ।


15 ਜੂਨ ਨੂੰ ਗੁਰਦੁਆਰਾ ਬਾਉਲੀ ਸਾਹਿਬ ਪਿੰਡ ਡੱਲਾ ਜ਼ਿਲ੍ਹਾ ਕਪੂਰਥਲਾ ਵਿਖੇ ਲਗਾਏ ਗਏ ਗੁਰਮਤਿ ਤੇ ਦਸਤਾਰ ਸਿਖਲਾਈ ਕੈਂਪ ਵਿਚ ਜੇਤੂ ਬੱਚਿਆਂ ਨੂੰ ਮੋਮੈਂਟੋ, ਮੈਡਲ, ਧਾਰਮਿਕ ਲਿਟਰੇਚਰ ਦੇ ਕੇ ਸਨਮਾਨਿਤ ਕੀਤਾ ਗਿਆ।


ਗੁਰਦੁਆਰਾ ਸਾਧ ਸੰਗਤ ਫਤਹਿਗੜ ਚੂੜੀਆਂ ਵਿਖੇ ਦਸ ਰੋਜਾ ਗੁਰਮਤਿ ਸਮਰ ਕੈਂਪ ਦੌਰਾਨ ਲਿਟਰੇਚਰ ਤੇ ਸਰਟੀਫਿਕੇਟ ਨਾਲ ਬੱਚਿਆਂ ਦਾ ਸਨਮਾਨ ਕੀਤਾ ਗਿਆ।


ਸਿੱਖ ਮਿਸ਼ਨ ਕਾਸ਼ੀਪੁਰ ਵੱਲੋਂ ਅਲੀਗੜ੍ਹ ਵਿਖੇ ਬੱਚਿਆਂ ਲਈ ਗੁਰਮਤਿ ਕੈਂਪ ਆਯੋਜਤ ਕੀਤਾ ਗਿਆ ਜਿਸ ਵਿਚ ਭਾਈ ਕਰਮ ਸਿੰਘ ਵੱਲੋਂ ਗੁਰਮਤਿ ਫਿਲਾਸਫੀ ਦੇ ਲੈਕਚਰ ਦਿੱਤੇ ਗਏ।।


ਪਿੰਡ ਕਲਸੀਆ ਕਲਾਂ ਹਲਕਾ ਪੱਟੀ ਜਿਲ੍ਹਾ ਤਰਨਤਾਰਨ ਵਿਖੇ ਗੁਰਮਤਿ ਸਮਰ ਕੈਂਪ ਦੀ ਅਰੰਭਤਾ ਸਮੇਂ ਭਾਈ ਹੀਰਾ ਸਿੰਘ ਮਨਿਹਾਲਾ, ਭਾਈ ਗੁਰਬਚਨ ਸਿੰਘ ਕਲਸੀਆਂ ਅਤੇ ਸਿੱਖਿਆਰਥੀ।


ਗੁਜਰਾਤ ਦੇ ਸ਼ਹਿਰ ਜੂਨਾਗੜ੍ਹ ਵਿਖੇ ਗੁਰਮਤਿ ਸਮਾਗਮ ਵਿਚ ਜੁੜੀਆਂ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਰਾਹੀਂ ਸਿੱਖ ਸਿਧਾਂਤਾਂ ਤੇ ਸਿੱਖਿਆਵਾਂ ਦੀ ਜਾਣਕਾਰੀ ਦਿੰਦੇ ਹੋਏ ਪ੍ਰਚਾਰਕ ਸਾਹਿਬ।


ਸਿੱਖ ਮਿਸ਼ਨ ਛੱਤੀਸਗੜ੍ਹ ਵੱਲੋਂ 16 ਜੂਨ ਨੂੰ ਦੇਉਪੁਰੀ (ਰਾਏਪੁਰ) ਵਿਖੇ ਬੱਚਿਆਂ ਦੇ ਸਟੇਟ ਪੱਧਰੀ ਲੈਕਚਰ ਤੇ ਦਸਤਾਰ ਮੁਕਾਬਲੇ ਕਰਵਾਏ ਗਏ।


ਫਤਹਿਗੜ੍ਹ ਚੂੜੀਆਂ ਦੇ ਗੁਰਦੁਆਰਾ ਸਾਧ ਸੰਗਤ ਸਾਹਿਬ ਵਿਖੇ ਬੱਚਿਆਂ ਨੂੰ ਸਿੱਖੀ ਸਿਧਾਂਤਾਂ ਦੀ ਜਾਣਕਾਰੀ ਦਿੰਦੇ ਹੋਏ ਪ੍ਰਚਾਰਕ ਬੀਬੀ ਰਾਜਬੀਰ ਕੌਰ।


ਹਲਕਾ ਧਾਰੀਵਾਲ ਦੇ ਮੈਂਬਰ ਬੀਬੀ ਜਸਬੀਰ ਕੌਰ ਜਫਰਵਾਲ ਤੇ ਜਥੇਦਾਰ ਰਤਨ ਸਿੰਘ ਜਫਰਵਾਲ ਦੀ ਅਗਵਾਈ ਵਿਚ ਗੁਰਦੁਆਰਾ ਬਾਬਾ ਬੰਦਾ ਸਿੰਘ ਬਹਾਦਰ ਗੜੀ ਗੁਰਦਾਸ ਨੰਗਲ ਵਿਖੇ ਕਰਵਾਏ ਗਏ ਦਸਤਾਰ ਮੁਕਬਾਲੇ ਵਿਚ ਜੇਤੂ ਬੱਚਿਆਂ ਨੂੰ ਸਨਮਾਨਿਤ ਕੀਤੇ ਜਾਣ ਦੀ ਤਸਵੀਰ।


ਗੁਰਦੁਆਰਾ ਸਿੰਘ ਸਭਾ ਸ਼ਾਹਪੁਰਕੰਡੀ (ਪਠਾਨਕੋਟ) ਵਿਖੇ 11 ਜੂਨ ਤੋਂ 20 ਜੂਨ ਤਕ ਬੱਚਿਆਂ ਲਈ ਗੁਰਮਤਿ ਸਿਖਲਾਈ ਕੈਂਪ ਦਾ ਆਯੋਜਨ ਕੀਤਾ ਗਿਆ।


ਮੈਂਬਰ ਸ਼੍ਰੋਮਣੀ ਕਮੇਟੀ ਜਥੇ. ਸੁਰਜੀਤ ਸਿੰਘ ਚੀਮਾ ਦੇ ਯਤਨਾਂ ਸਦਕਾ ਬੱਚਿਆਂ ਦੇ ਕਰਵਾਏ ਗਏ ਧਾਰਮਿਕ ਮੁਕਾਬਲਿਆਂ ਵਿਚ ਜੇਤੂ ਵਿਦਿਆਰਥੀਆਂ ਦੀ ਤਸਵੀਰ।

# ਵੱਖ-ਵੱਖ ਗੁਰੂ ਘਰਾਂ ਵਿਚ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ ਦੀਆਂ ਤਸਵੀਰਾਂ


20 ਜੂਨ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਏ ਅੰਮ੍ਰਿਤ ਸੰਚਾਰ ਦੌਰਾਨ 280 ਪ੍ਰਾਣੀਆਂ ਨੇ ਅੰਮ੍ਰਿਤ ਛਕ ਕੇ ਖ਼ਾਲਸਾ ਪੰਥ ਵਿਚ ਪ੍ਰਵੇਸ਼ ਕੀਤਾ।


9 ਜੂਨ ਨੂੰ ਗੁਰਦੁਆਰਾ ਸਾਹਿਬ ਪਿੰਡ ਲੱਖੋ ਕੇ ਬਹਿਰਾਮ (ਫਿਰੋਜ਼ਪੁਰ) ਵਿਖੇ ਕਰਵਾਏ ਅੰਮ੍ਰਿਤ ਸੰਚਾਰ ਸਮੇਂ 59 ਪ੍ਰਾਣੀਆਂ ਨੇ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕੀਤੀ।


17 ਜੂਨ ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ 133 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।


8 ਜੂਨ ਨੂੰ ਗੁਰਦੁਆਰਾ ਸਾਹਿਬ ਪਿੰਡ ਬੁਰਜ ਹਰੀ (ਮਾਨਸਾ) ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ 22 ਪ੍ਰਾਣੀਆਂ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਕੇ ਗੁਰੂ ਵਾਲੇ ਬਣੇ।


ਪਿੰਡ ਸਬਾਜਪੁਰ (ਤਰਨ ਤਾਰਨ) ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ 54 ਪ੍ਰਾਣੀ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ।


15 ਜੂਨ ਨੂੰ ਗੁਰਦੁਆਰਾ ਨਿਰਮਲਸਰ ਸਾਹਿਬ ਪਿੰਡ ਤਿਲੋਕੇਵਾਲਾ (ਸਿਰਸਾ) ਵਿਖੇ ਹੋਏ ਅੰਮ੍ਰਿਤ ਸੰਚਾਰ ਸਮੇਂ 16 ਪ੍ਰਾਣੀਆਂ ਨੂੰ ਅੰਮ੍ਰਿਤਪਾਨ ਕਰਵਾਇਆ ਗਿਆ।


ਪਿੰਡ ਝੰਜੀਆਂ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ ਅੰਮ੍ਰਿਤ ਅਭਿਲਾਖੀ ਸੰਗਤਾਂ ਨਾਲ ਪੰਜ ਪਿਆਰੇ ਸਾਹਿਬਾਨ, ਅੰਤ੍ਰਿਗ ਮੈਂਬਰ ਸ. ਸੱਜਣ ਸਿੰਘ ਬੱਜੂਮਾਨ, ਅਕਾਲੀ ਆਗੂ ਰਵੀਕਰਨ ਸਿੰਘ ਕਾਹਲੋਂ ਤੇ ਹੋਰ।


16 ਜੂਨ ਨੂੰ ਗੁਰਦੁਆਰਾ ਸਾਹਿਬ ਪਿੰਡ ਜੰਡਵਾਲਾ ਭੀਮੇਸ਼ਾਹ (ਫਾਜ਼ਿਲਕਾ) ਵਿਖੇ ਕਰਵਾਏ ਅੰਮ੍ਰਿਤ ਸੰਚਾਰ ਸਮੇਂ 47 ਪ੍ਰਾਣੀ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ।


ਗੁਰਦੁਆਰਾ ਬਾਬਾ ਪ੍ਰੇਮ ਸਿੰਘ ਜੀ ਮੁਰਾਲੇ ਵਾਲੇ ਬੇਗੋਵਾਲ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ 66 ਪ੍ਰਾਣੀ ਗੁਰੂ ਵਾਲੇ ਬਣੇ।


ਹਲਕਾ ਬਟਾਲਾ ਦੇ ਪਿੰਡ ਭਾਮੜੀ ਵਿਚ ਹੋਏ ਅੰਮ੍ਰਿਤ ਸੰਚਾਰ ਸਮੇ ਅੰਮ੍ਰਿਤ ਛਕਣ ਵਾਲੇ 65 ਪ੍ਰਾਣੀਆਂ ਨਾਲ ਪੰਜ ਪਿਆਰੇ ਸਾਹਿਬਾਨ, ਸ੍ਰੋਮਣੀ ਕਮੇਟੀ ਮੈਂਬਰ ਸ ਗੁਰਿੰਦਰਪਾਲ ਸਿੰਘ ਗੋਰਾ ਤੇ ਹੋਰ

## ਕਰਤਾਰਪੁਰ ਸਾਹਿਬ ਦੇ ਲਾਂਘੇ ਦੀ ਮੰਗ ਨੂੰ ਗੰਭੀਰਤਾ ਨਾਲ ਲੈਣ ਸਰਕਾਰਾਂ-ਭਾਈ ਲੌਂਗੋਵਾਲ

### ਭਾਈ ਲੌਂਗੋਵਾਲ ਨੇ ਗੁਰਦੁਆਰਾ ਕਰਤਾਰਪੁਰ ਸਾਹਿਬ ਪਾਕਿਸਤਾਨ ਦੇ ਲਾਂਘੇ ਲਈ ਕੀਤੀ ਅਰਦਾਸ



ਡੇਰਾ ਬਾਬਾ ਨਾਨਕ- ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਇਤਿਹਾਸਕ ਕਸਬਾ ਡੇਰਾ ਬਾਬਾ ਨਾਨਕ ਵਿਖੇ ਸਥਿਤ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਦੀ ਕਾਰ ਸੇਵਾ ਆਰੰਭ ਕਰਨ ਮੌਕੇ ਪਹੁੰਚੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸਥਾਨਕ ਕਸਬੇ ਦੇ ਬਿਲਕੁਲ ਨਜ਼ਦੀਕ ਭਾਰਤ ਪਾਕਿਸਤਾਨ ਸਰਹੱਦ 'ਤੇ ਜਾ ਕੇ ਪਾਕਿਸਤਾਨ ਸਥਿਤ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਲਈ ਖੁੱਲ੍ਹੇ ਲਾਂਘੇ ਦੀ ਅਰਦਾਸ ਕੀਤੀ। ਉਨ੍ਹਾਂ ਨੂੰ ਗੁਰਦੁਆਰਾ ਕਰਤਾਰਪੁਰ ਸਾਹਿਬ ਪਾਕਿਸਤਾਨ ਦੇ ਦਰਸ਼ਨਾਂ ਲਈ ਸਰਹੱਦ 'ਤੇ ਬਣੇ ਦਰਸ਼ਨ ਸਥਾਨ ਤੋਂ ਬੀ.ਐਸ.ਐਫ. ਦੇ ਜਵਾਨਾਂ ਨੇ ਦੂਰਬੀਨ ਰਾਹੀਂ ਗੁਰਦੁਆਰਾ ਸਾਹਿਬ ਦੇ ਦਰਸ਼ਨ ਕਰਵਾਏ। ਇਸ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਗੁਰਦੁਆਰਾ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰਨ ਲਈ ਸਰਹੱਦ 'ਤੇ ਪਹੁੰਚਦੀਆਂ ਸੰਗਤਾਂ ਨੂੰ ਠੰਡੇ ਪਾਣੀ ਦੀ ਸਹੂਲਤ ਦੇਣ ਲਈ ਸ਼੍ਰੋਮਣੀ ਕਮੇਟੀ ਵੱਲੋਂ ਵਾਟਰ ਕੂਲਰ ਲਗਵਾਉਣ ਦਾ ਐਲਾਨ ਕੀਤਾ। ਇਸ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਵਿਖੇ ਗੱਲਬਾਤ ਕਰਦਿਆਂ ਭਾਈ ਲੌਂਗੋਵਾਲ ਨੇ ਕਿਹਾ ਕਿ ਪਾਕਿਸਤਾਨ ਸਥਿਤ ਗੁਰਦੁਆਰਾ ਕਰਤਾਰਪੁਰ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸਬੰਧਤ ਪਾਵਨ ਅਸਥਾਨ ਹੈ ਅਤੇ ਇਸ ਦੇ ਦਰਸ਼ਨਾਂ ਦੀ ਤਾਂਘ ਲੈ ਕੇ ਸੰਗਤਾਂ ਵੱਡੀ ਗਿਣਤੀ ਵਿਚ ਸਰਹੱਦ 'ਤੇ ਪਹੁੰਚਦੀਆਂ ਹਨ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਲੰਮੇ ਸਮੇਂ ਤੋਂ ਇਸ ਪਾਵਨ ਅਸਥਾਨ ਲਈ ਡੇਰਾ ਬਾਬਾ ਨਾਨਕ ਸਰਹੱਦ ਤੋਂ ਖੁੱਲ੍ਹੇ ਲਾਂਘੇ ਦੀ ਮੰਗ ਕੀਤੀ ਜਾਂਦੀ ਰਹੀ ਹੈ, ਪਰ ਦੁੱਖ ਦੀ ਗੱਲ ਹੈ ਕਿ ਸਰਕਾਰਾਂ ਵੱਲੋਂ ਇਸ ਨੂੰ ਗੰਭੀਰਤਾ ਨਾਲ ਨਹੀਂ ਲਿਆ ਗਿਆ। ਉਨ੍ਹਾਂ ਕਿਹਾ ਕਿ ਹੁਣ ਜਦੋਂ 2019 ਵਿਚ ਸ੍ਰੀ ਗੁਰੂ ਨਾਨਕ ਦੇਵ ਜੀ ਦਾ 550 ਸਾਲਾ ਪ੍ਰਕਾਸ਼ ਪੁਰਬ ਵਿਸ਼ਵ ਭਰ ਦੀਆਂ ਸੰਗਤਾਂ ਵੱਡੇ ਪੱਧਰ 'ਤੇ ਮਨਾਉਣ ਜਾ ਰਹੀਆਂ ਹਨ ਤਾਂ ਇਸ ਮੌਕੇ 'ਤੇ ਡੇਰਾ ਬਾਬਾ ਨਾਨਕ ਤੋਂ ਕੇਵਲ ਕੁਝ ਕਿਲੋਮੀਟਰ ਦੀ ਦੂਰੀ 'ਤੇ ਸਥਿਤ ਗੁਰਦੁਆਰਾ ਕਰਤਾਰਪੁਰ ਸਾਹਿਬ ਦੇ ਦਰਸ਼ਨ ਦੀਦਾਰ ਲਈ ਸੰਗਤ ਲਾਂਘਾ ਦੇਣ ਲਈ ਸਰਕਾਰਾਂ ਨੂੰ ਪਹਿਲ ਕਦਮੀ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਇਸ ਲਾਂਘੇ ਲਈ ਸ਼੍ਰੋਮਣੀ ਕਮੇਟੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਸਾਂਝੇ ਵਫ਼ਦ ਵੱਲੋਂ ਬੀਤੇ ਦਿਨੀਂ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨਾਲ ਵੀ ਗੱਲਬਾਤ ਕੀਤੀ ਗਈ ਹੈ ਅਤੇ ਇਸ ਮਾਮਲੇ ਨੂੰ ਲੈ ਕੇ ਭਾਰਤ ਸਰਕਾਰ ਵੱਲੋਂ ਪਾਕਿਸਤਾਨ ਸਰਕਾਰ ਨਾਲ ਗੱਲਬਾਤ ਕਰਨ ਲਈ ਕਿਹਾ ਗਿਆ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਇਸ ਮਾਮਲੇ ਦਾ ਹੱਲ ਜਰੂਰ ਨਿਕਲੇਗਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਅੰਤ੍ਰਿੰਗ ਮੈਂਬਰ ਸ. ਭਗਵੰਤ ਸਿੰਘ ਸਿਆਲਕਾ, ਸ. ਸੱਜਣ ਸਿੰਘ ਬੱਜੂਮਾਨ, ਸ. ਸੁਖਵਰਸ਼ ਸਿੰਘ ਪੰਨੂੰ ਮੈਂਬਰ ਧਰਮ ਪ੍ਰਚਾਰ ਕਮੇਟੀ, ਨੌਜੁਆਨ ਆਗੂ ਸ. ਸੁਖਵਿੰਦਰ ਸਿੰਘ ਅਗਵਾਨ, ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ, ਸ. ਜਗਜੀਤ ਸਿੰਘ ਜੱਗੀ, ਸ. ਪ੍ਰਤਾਪ ਸਿੰਘ, ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਦਰਸ਼ਨ ਸਿੰਘ ਲੌਂਗੋਵਾਲ ਪੀ.ਏ., ਸ. ਹਰਭਜਨ ਸਿੰਘ ਵਕਤਾ ਇੰਚਾਰਜ ਆਦਿ ਮੌਜੂਦ ਸਨ।

## ਕਾਰ ਸੇਵਾ ਦੌਰਾਨ ਇਤਿਹਾਸਿਕ ਤੇ ਪੁਰਾਤਨ ਨਿਸ਼ਾਨੀਆਂ ਹੂਬਹੂ ਕਾਇਮ ਰੱਖੀਆਂ ਜਾਣਗੀਆਂ -ਭਾਈ ਲੌਂਗੋਵਾਲ

### ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਦੀ ਕਾਰ ਸੇਵਾ ਖ਼ਾਲਸਾਈ ਜਾਹੋ-ਜਲਾਲ ਨਾਲ ਆਰੰਭ



ਡੇਰਾ ਬਾਬਾ ਨਾਨਕ- ਭਾਰਤ ਪਾਕਿਸਤਾਨ ਅੰਤਰਰਾਸ਼ਟਰੀ ਸਰਹੱਦ 'ਤੇ ਵੱਸੇ ਇਤਿਹਾਸਕ ਨਗਰ ਡੇਰਾ ਬਾਬਾ ਨਾਨਕ ਵਿਖੇ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਯਾਦ 'ਚ ਸੁਸ਼ੋਭਿਤ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਦੀ ਕਾਰ-ਸੇਵਾ ਸਿੱਖ ਪ੍ਰੰਪਰਾਵਾਂ ਅਨੁਸਾਰ ਖ਼ਾਲਸਾਈ ਜੈਕਾਰਿਆਂ ਦੀ ਗੂੰਜ ਵਿਚ ਆਰੰਭ ਹੋਈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਬਾਬਾ ਸੇਵਾ ਸਿੰਘ ਖਡੂਰ ਸਾਹਿਬ ਵਾਲਿਆਂ ਨੂੰ ਸੌਂਪੀ ਗਈ ਇਸ ਸੇਵਾ ਦੀ ਆਰੰਭਤਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਗੁਰਬਚਨ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਬਾਬਾ ਜਗਤਾਰ ਸਿੰਘ ਤਰਨਤਾਰਨ ਵਾਲੇ ਤੇ ਬਾਬਾ ਕਸ਼ਮੀਰ ਸਿੰਘ ਭੂਰੀ ਵਾਲਿਆਂ ਵੱਲੋਂ ਪੰਜ ਸਿੰਘਾਂ ਦੇ ਰੂਪ ਵਿਚ ਟੱਕ ਲਗਾ ਕੇ ਕੀਤੀ ਗਈ ਅਤੇ ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਸਾਬਕਾ ਸਪੀਕਰ ਸ. ਨਿਰਮਲ ਸਿੰਘ ਕਾਹਲੋਂ, ਬਾਬਾ ਬਚਨ ਸਿੰਘ ਕਾਰ ਸੇਵਾ ਦਿੱਲੀ ਵਾਲੇ, ਬਾਬਾ ਸੁਖਦੇਵ ਸਿੰਘ ਬੇਦੀ, ਬਾਬਾ ਹਰਭਜਨ ਸਿੰਘ ਭਲਵਾਨ, ਬਾਬਾ ਲੱਖਾ ਸਿੰਘ ਗਵਾਲੀਅਰ, ਬਾਬਾ ਬੁੱਧ ਸਿੰਘ ਨਿੱਕੇਘੁੰਮਣ, ਸ਼੍ਰੋਮਣੀ ਕਮੇਟੀ ਅੰਤ੍ਰਿੰਗ ਮੈਂਬਰ ਸ. ਭਗਵੰਤ ਸਿੰਘ ਸਿਆਲਕਾ, ਸ. ਸੱਜਣ ਸਿੰਘ ਬੱਜੂਮਾਨ ਤੇ ਹਲਕੇ ਦੇ ਨੌਜਵਾਨ ਸਿੱਖ ਆਗੂ ਸ. ਸੁਖਵਿੰਦਰ ਸਿੰਘ ਅਗਵਾਨ ਨੇ ਵੀ ਕਾਰ ਸੇਵਾ ਵਿਚ ਹਿੱਸਾ ਲਿਆ। ਕਾਰ ਸੇਵਾ ਆਰੰਭ ਕਰਨ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਧਾਰਮਿਕ ਦੀਵਾਨ ਸਜਾਏ ਗਏ।

ਇਸ ਮੌਕੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਗੁਰਬਚਨ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ 2019 ਵਿਚ ਆ ਰਹੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਵੱਲੋਂ ਇਸ ਇਤਿਹਾਸਕ ਅਸਥਾਨ ਦੀ ਕਾਰ ਸੇਵਾ ਦਾ ਉਪਰਾਲਾ ਪ੍ਰਸ਼ੰਸਾਯੋਗ ਹੈ। ਉਨ੍ਹਾਂ ਆਪਣੇ ਸੰਬੋਧਨ ਦੌਰਾਨ ਸੰਗਤਾਂ ਨੂੰ ਕਾਰ ਸੇਵਾ ਵਿਚ ਤਨ-ਮਨ-ਧਨ ਨਾਲ ਹਿੱਸਾ ਪਾਉਣ ਦੀ ਅਪੀਲ ਕੀਤੀ, ਤਾਂ ਜੋ ਕਾਰ ਸੇਵਾ ਸਮੇਂ ਸਿਰ ਮੁਕੰਮਲ ਹੋ ਸਕੇ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਡੇਰਾ ਬਾਬਾ ਨਾਨਕ ਦੀ ਧਰਤੀ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਮੁਬਾਰਕ ਚਰਨਾਂ ਦੀ ਛੋਹ ਪ੍ਰਾਪਤ ਹੈ ਅਤੇ ਇਥੇ ਗੁਰੂ ਸਾਹਿਬ ਨੇ ਹੱਥੀਂ ਕਿਰਤ ਕਰਕੇ ਮਨੁੱਖਤਾ ਨੂੰ ਮਾਰਗ ਦਰਸ਼ਨ ਦਿੱਤਾ।

ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੀ ਯਾਦ ਵਿਚ ਸਥਾਪਿਤ ਅਸਥਾਨ ਦੀ ਕਾਰ ਸੇਵਾ ਗੁਰੂ ਸਾਹਿਬ ਜੀ ਦੇ 550ਵੇਂ ਪ੍ਰਕਾਸ਼ ਪੁਰਬ ਤੋਂ ਪਹਿਲਾਂ ਪਹਿਲਾਂ ਮੁਕੰਮਲ ਕਰ ਲਈ ਜਾਵੇਗੀ। ਭਾਈ ਲੌਂਗੋਵਾਲ ਨੇ ਕਿਹਾ ਕਿ ਕਾਰ-ਸੇਵਾ ਦੌਰਾਨ ਗੁਰੂ ਸਾਹਿਬ ਦੀ ਯਾਦ ਨਾਲ ਜੁੜੇ ਬਾਬਾ ਅਜਿੱਤਾ ਰੰਧਾਵਾ ਦੇ ਇਤਿਹਾਸਕ ਖੂਹ ਨੂੰ ਨਾ ਕੇਵਲ ਹੂਬਹੂ ਸੁਰੱਖਿਅਤ ਹੀ ਰੱਖਿਆ ਜਾਵੇਗਾ, ਸਗੋਂ ਇਸ ਨੂੰ ਸੰਗਤਾਂ ਦੇ ਖੁੱਲ੍ਹੇ ਦਰਸ਼ਨਾਂ ਲਈ ਹੋਰ ਵੀ ਬਿਹਤਰ ਢੰਗ ਨਾਲ ਸੰਭਾਲਿਆ ਜਾਵੇਗਾ।

ਉਨ੍ਹਾਂ ਇਹ ਵੀ ਕਿਹਾ ਕਿ ਗੁਰਦੁਆਰਾ ਸਾਹਿਬ ਅੰਦਰ ਸੁਸ਼ੋਭਿਤ ਪੁਰਾਤਨ ਪਾਲਕੀ ਸਾਹਿਬ ਨੂੰ ਵੀ ਸੁਰੱਖਿਅਤ ਰੱਖਿਆ ਜਾਵੇਗਾ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਗੁਰਦੁਆਰਾ ਸਾਹਿਬ ਦੇ ਗੁੰਬਦ ਨੂੰ ਵੀ ਉਸੇ ਤਰਜ਼ 'ਤੇ ਹੀ ਸੰਭਾਲਣ ਦੀ ਵਚਨਬਧਤਾ ਦਾ ਵੀ ਪ੍ਰਗਟਾਵਾ ਕੀਤਾ। ਉਨ੍ਹਾਂ ਆਪਣੇ ਸੰਬੋਧਨ ਵਿਚ ਸੰਗਤਾਂ ਨੂੰ ਸੁਚੇਤ ਕਰਦਿਆਂ ਕਿਹਾ ਕਿ ਅੱਜ ਬਹੁਤ ਸਾਰੀਆਂ ਪੰਥ ਵਿਰੋਧੀ ਸ਼ਕਤੀਆਂ ਪੰਥਕ ਪ੍ਰੰਪਰਾਵਾਂ ਨੂੰ ਢਾਹ ਲਗਾਉਣ ਦੀ ਕੋਸ਼ਿਸ਼ ਕਰ ਰਹੀਆਂ ਹਨ, ਜਿਨ੍ਹਾਂ ਤੋਂ ਸੁਚੇਤ ਰਹਿਣ ਲਈ ਕੌਮੀ ਇਕਜੁੱਟਤਾ ਦੀ ਵੱਡੀ ਲੋੜ ਹੈ। ਕਾਰ ਸੇਵਾ ਦੀ ਆਰੰਭਤਾ ਮੌਕੇ ਪੁੱਜੀਆਂ ਹੋਈਆਂ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਸੰਗਤਾਂ ਦਾ ਸੀਨੀਅਰ ਅਕਾਲੀ ਆਗੂ ਸ. ਨਿਰਮਲ ਸਿੰਘ ਕਾਹਲੋਂ ਨੇ ਧੰਨਵਾਦ ਕੀਤਾ।

ਇਸ ਮੌਕੇ ਅੰਤ੍ਰਿੰਗ ਕਮੇਟੀ ਮੈਂਬਰ ਸ. ਅਮਰੀਕ ਸਿੰਘ ਸ਼ਾਹਪੁਰ, ਧਰਮ ਪ੍ਰਚਾਰ ਕਮੇਟੀ ਮੈਂਬਰ ਸ. ਸੁਖਵਰਸ਼ ਸਿੰਘ ਪੰਨੂੰ, ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਜੋਗਿੰਦਰ ਕੌਰ, ਸ. ਕੁਲਦੀਪ ਸਿੰਘ ਖੇੜਾ, ਬਾਬਾ ਸੁਖਵਿੰਦਰ ਸਿੰਘ ਮਲਿਕਪੁਰ, ਜਥੇਦਾਰ ਬਖ਼ਸ਼ੀਸ਼ ਸਿੰਘ ਧਾਰੋਵਾਲੀ, ਬਾਬਾ ਸੁਖਵਿੰਦਰ ਸਿੰਘ ਭੂਰੀ ਵਾਲੇ, ਮਾਤਾ ਪਿਆਰ ਕੌਰ, ਬਾਬਾ ਜੋਗਿੰਦਰ ਸਿੰਘ ਖੰਡਿਆਲੇ ਵਾਲੇ, ਸ. ਬਲਵਿੰਦਰ ਸਿੰਘ ਹਰੂਵਾਲ, ਸ. ਇੰਦਰਜੀਤ ਸਿੰਘ ਰੰਧਾਵਾ, ਸ. ਬਲਜੀਤ ਸਿੰਘ ਸਟੱਡੀ ਸਰਕਲ, ਸ. ਗੁਰਪ੍ਰਤਾਪ ਸਿੰਘ ਖੁਸ਼ਹਾਲਪੁਰ, ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ, ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਨਿੱਜੀ ਸਕੱਤਰ ਸ. ਜਗਜੀਤ ਸਿੰਘ ਜੱਗੀ, ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਪ੍ਰਤਾਪ ਸਿੰਘ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਦਰਸ਼ਨ ਸਿੰਘ ਲੌਂਗੋਵਾਲ ਪੀ.ਏ., ਸ. ਗੁਰਦੇਵ ਸਿੰਘ ਮਾਨ ਮੈਨੇਜਰ, ਸ. ਹਰਭਜਨ ਸਿੰਘ ਵਕਤਾ ਇੰਚਾਰਜ ਸਮੇਤ ਸੰਗਤਾਂ ਹਾਜ਼ਰ ਸਨ।

## ਪੰਜਾਬ ਤੇ ਹਰਿਆਣਾ ਹਾਈਕੋਰਟ ਦੇ ਚੀਫ ਜਸਟਿਸ

### ਸ੍ਰੀ ਕ੍ਰਿਸ਼ਨਾ ਮੁਰਾਰੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਹੋਏ ਨਤਮਸਤਕ



ਅੰਮ੍ਰਿਤਸਰ- 'ਮੈਨੂੰ ਪਾਲਕੀ ਸਾਹਿਬ ਦੀ ਸੇਵਾ ਵਿਚ ਹਿੱਸਾ ਲੈ ਕੇ ਊਰਜਾਮਈ ਅਨੁਭਵ ਹੋਇਆ ਹੈ। ਮਨ ਤੇ ਆਤਮਾ ਪਵਿੱਤਰ ਹੋਈ ਹੈ। ਮੈਂ ਅੱਜ ਤੱਕ ਇਸ ਵਰਗਾ ਕੋਈ ਅਸਥਾਨ ਨਹੀਂ ਦੇਖਿਆ ਜਿਥੇ ਲੱਖਾਂ ਲੋਕਾਂ ਦੀ ਆਮਦ ਹੋਣ ਦੇ ਬਾਵਜੂਦ ਵੀ ਏਨੀ ਸਫ਼ਾਈ ਹੋਵੇ। ਗੁਰੂ ਸਾਹਿਬ ਦੀ ਅਸੀਸ ਸਾਰੀ ਮਨੁੱਖਤਾ ਲਈ ਹੈ।' ਇਹ ਸ਼ਬਦ ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਚੀਫ ਜਸਟਿਸ ਸ੍ਰੀ ਕ੍ਰਿਸ਼ਨਾ ਮੁਰਾਰੀ ਨੇ ਸ਼ਨਿੱਚਰਵਾਰ ਨੂੰ ਤੜਕੇ ਸਵੇਰੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਤੋਂ ਬਾਅਦ ਯਾਤਰੂ ਬੁੱਕ ਵਿਚ ਆਪਣੇ ਅਨੁਭਵ ਦਰਜ਼ ਕਰਦਿਆਂ ਬਿਆਨ ਕੀਤੇ। ਸ੍ਰੀ ਕ੍ਰਿਸ਼ਨਾ ਮੁਰਾਰੀ ਆਪਣੀ ਪਤਨੀ ਸ੍ਰੀਮਤੀ ਰੂਪਮ ਸ੍ਰੀਵਾਸਤਵ ਸਮੇਤ ਮਨੁੱਖਤਾ ਦੇ ਅਧਿਆਤਮਿਕ ਕੇਂਦਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਵਿਖੇ ਸਵੇਰੇ 3:30 ਵਜੇ ਪਹੁੰਚੇ ਅਤੇ ਉਨ੍ਹਾਂ ਨੇ ਪਾਲਕੀ ਸਾਹਿਬ ਦੀ ਸੇਵਾ ਕੀਤੀ। ਇਸ ਦੌਰਾਨ ਉਨ੍ਹਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ਼ ਮੌਕੇ ਲੰਮਾ ਸਮਾਂ ਸੱਚਖੰਡ ਵਿਖੇ ਹਾਜ਼ਰੀ ਭਰੀ ਅਤੇ ਉਨ੍ਹਾਂ ਕੜਾਹ ਪ੍ਰਸ਼ਾਦ ਦੀ ਦੇਗ ਵੀ ਕਰਵਾਈ। ਪਰਕਰਮਾ ਕਰਦਿਆਂ ਉਨ੍ਹਾਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਅਤੇ ਸੂਚਨਾ ਅਧਿਕਾਰੀ ਸ. ਜਸਵਿੰਦਰ ਸਿੰਘ ਜੱਸੀ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਮੇਤ ਇਥੇ ਸਥਿਤ ਹੋਰ ਪਾਵਨ ਅਸਥਾਨਾਂ ਦੇ ਇਤਿਹਾਸ ਤੋਂ ਜਾਣੂ ਕਰਵਾਇਆ। ਇਸ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਦਰਬਾਰ ਸਾਹਿਬ ਦੇ ਸੂਚਨਾ ਕੇਂਦਰ ਵਿਖੇ ਸ੍ਰੀ ਕ੍ਰਿਸ਼ਨਾ ਮੁਰਾਰੀ ਤੇ ਉਨ੍ਹਾਂ ਦੀ ਪਤਨੀ ਨੂੰ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਅੰਤ੍ਰਿੰਗ ਕਮੇਟੀ ਮੈਂਬਰ ਸ. ਭਗਵੰਤ ਸਿੰਘ ਸਿਆਲਕਾ ਤੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਸਾਂਝੇ ਤੌਰ 'ਤੇ ਸਿਰੋਪਾਓ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਸੁਨਹਿਰੀ ਮਾਡਲ ਅਤੇ ਧਾਰਮਿਕ ਪੁਸਤਕਾਂ ਦਾ ਸੈੱਟ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਸ. ਗੁਰਬਚਨ ਸਿੰਘ ਕਰਮੂੰਵਾਲਾ, ਸ. ਭਗਵੰਤ ਸਿੰਘ ਸਿਆਲਕਾ ਤੇ ਡਾ. ਰੂਪ ਸਿੰਘ ਤੋਂ ਇਲਾਵਾ ਮੀਤ ਸਕੱਤਰ ਸ. ਸੁਲੱਖਣ ਸਿੰਘ ਭੰਗਾਲੀ, ਮੈਨੇਜਰ ਸ. ਮੁਖਤਾਰ ਸਿੰਘ, ਵਧੀਕ ਮੈਨੇਜਰ ਸ. ਰਾਜਿੰਦਰ ਸਿੰਘ ਰੂਬੀ ਤੇ ਸ. ਸੁਖਰਾਜ ਸਿੰਘ, ਐਡਵੋਕੇਟ ਜਨਰਲ ਸ੍ਰੀ ਅਤੁੱਲ ਨੰਦਾ, ਰਜਿਸਟਰਾਰ ਜਨਰਲ ਸ੍ਰੀ ਅਰੁਣ ਕੁਮਾਰ ਤਿਆਗੀ, ਸ੍ਰੀ ਰਾਜਿੰਦਰ ਅਗਰਵਾਲ ਪ੍ਰਿੰਸੀਪਲ ਸਕੱਤਰ, ਸ੍ਰੀ ਵਰਿੰਦਰ ਕਾਲੜਾ ਪ੍ਰਿੰਸੀਪਲ ਸਕੱਤਰ, ਸ. ਜਗਜੀਤ ਸਿੰਘ ਵਾਲੀਆ ਐਸ.ਪੀ., ਸ. ਰਜਿੰਦਰ ਸਿੰਘ ਅਟਾਰੀ ਐਡੀਸ਼ਨਲ ਮੈਨੇਜਰ, ਸ. ਭਗਵੰਤ ਸਿੰਘ ਥਾਣਾ ਗਲਿਆਰਾ ਮੁਖੀ ਸਮੇਤ ਹੋਰ ਮੌਜੂਦ ਸਨ।

## ਸ਼੍ਰੋਮਣੀ ਕਮੇਟੀ ਗੁਰਮਤਿ ਫ਼ਲਸਫ਼ੇ ਦੇ ਪ੍ਰਚਾਰ ਪ੍ਰਸਾਰ ਲਈ ਵਚਨਬੱਧ-ਭਾਈ ਲੌਂਗੋਵਾਲ

### ਯੂ.ਪੀ. ਸਿੱਖ ਮਿਸ਼ਨ ਹਾਪੁੜ ਦੇ ਨਵੇਂ ਦਫ਼ਤਰ ਅਤੇ ਲਖਨਊ ਵਿਖੇ ਉਪ ਦਫ਼ਤਰ ਦਾ ਉਦਘਾਟਨ




ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਦੇ ਨਾਲ-ਨਾਲ ਦੇਸ਼ ਦੇ ਹੋਰਨਾਂ ਸੂਬਿਆਂ ਅੰਦਰ ਵੀ ਧਰਮ ਪ੍ਰਚਾਰ ਦੇ ਵਿਸ਼ੇਸ਼ ਯਤਨ ਆਰੰਭੇ ਗਏ ਹਨ ਅਤੇ ਸ਼੍ਰੋਮਣੀ ਕਮੇਟੀ ਇਸ ਇਤਿਹਾਸਕ ਮੌਕੇ 'ਤੇ ਗੁਰਮਤਿ ਫ਼ਲਸਫ਼ੇ ਦਾ ਵੱਧ ਤੋਂ ਵੱਧ ਪ੍ਰਚਾਰ ਕਰਨ ਲਈ ਵਚਨਬੱਧ ਹੈ। ਇਹ ਪ੍ਰਗਟਾਵਾ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਯੂ.ਪੀ. ਸਿੱਖ ਮਿਸ਼ਨ ਹਾਪੁੜ ਦੇ ਦਫ਼ਤਰ ਦੀ ਨਵੀਂ ਇਮਾਰਤ ਦਾ ਉਦਘਾਟਨ ਕਰਨ ਮੌਕੇ ਕੀਤਾ।

ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਉੱਤਰ ਪ੍ਰਦੇਸ਼ ਅੰਦਰ ਧਰਮ ਪ੍ਰਚਾਰ ਦੇ ਕਾਰਜਾਂ ਨੂੰ ਹੋਰ ਸੁਚਾਰੂ ਢੰਗ ਨਾਲ ਅੱਗੇ ਤੋਰਨ ਲਈ ਯੂ.ਪੀ. ਸਿੱਖ ਮਿਸ਼ਨ ਹਾਪੁੜ ਦਾ ਨਵਾਂ ਦਫ਼ਤਰ ਤਿਆਰ ਕਰਨ ਦੇ ਨਾਲ-ਨਾਲ ਇਸ ਦਾ ਲਖਨਊ ਵਿਖੇ ਉਪ-ਦਫ਼ਤਰ ਵੀ ਖੋਲ੍ਹਿਆ ਗਿਆ ਹੈ, ਜਿਥੇ ਜਲਦੀ ਹੀ ਪੰਜਾਬੀ ਦੇ ਨਾਲ-ਨਾਲ ਹਿੰਦੀ ਭਾਸ਼ਾ ਦੀ ਜਾਣਕਾਰੀ ਰੱਖਣ ਵਾਲੇ ਧਰਮ ਪ੍ਰਚਾਰਕ, ਢਾਡੀ ਅਤੇ ਕਵੀਸ਼ਰ ਜਥੇ ਭੇਜੇ ਜਾਣਗੇ।

ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਨਿੱਜੀ ਸਕੱਤਰ ਸ. ਜਗਜੀਤ ਸਿੰਘ ਜੱਗੀ ਅਨੁਸਾਰ ਇਸੇ ਦੌਰਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਉਤਰਾਖੰਡ ਵਿਖੇ ਸਥਿਤ ਸਿੱਖ ਮਿਸ਼ਨ ਕਾਸ਼ੀਪੁਰ ਦੇ ਦਫ਼ਤਰ ਦਾ ਉਦਘਾਟਨ ਵੀ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਉੱਤਰ ਪ੍ਰਦੇਸ਼ ਅਤੇ ਉਤਰਾਖੰਡ ਵਿਖੇ ਭਾਈ ਲੌਂਗੋਵਾਲ ਦਾ ਸੰਗਤਾਂ ਵੱਲੋਂ ਜ਼ੋਰਦਾਰ ਸਵਾਗਤ ਕੀਤਾ ਗਿਆ।

ਇਸ ਮੌਕੇ ਅੰਤ੍ਰਿੰਗ ਕਮੇਟੀ ਮੈਂਬਰ ਸ. ਗੁਰਮੀਤ ਸਿੰਘ ਬੂਹ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ, ਸ. ਜਗਜੀਤ ਸਿੰਘ ਜੱਗੀ ਨਿੱਜੀ ਸਕੱਤਰ, ਸ. ਬਿਜੈ ਸਿੰਘ ਬਾਦੀਆਂ ਵਧੀਕ ਸਕੱਤਰ, ਸ. ਦਰਸ਼ਨ ਸਿੰਘ ਲੌਂਗੋਵਾਲ ਪੀ.ਏ., ਸ. ਨਿਰਮਲ ਸਿੰਘ, ਸ. ਜੋਗਿੰਦਰ ਸਿੰਘ ਪ੍ਰਧਾਨ, ਸ. ਹਰਭਜਨ ਸਿੰਘ, ਸ. ਬ੍ਰਿਜਪਾਲ ਸਿੰਘ ਇੰਚਾਰਜ ਸਿੱਖ ਮਿਸ਼ਨ ਹਾਪੁੜ ਆਦਿ ਮੌਜੂਦ ਸਨ।

## ਗੁਰਦੁਆਰਾ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਹਫਤਾਵਾਰੀ ਸਮਾਗਮ

### ਸ੍ਰੀ ਅਕਾਲ ਤਖ਼ਤ ਸਾਹਿਬ ਤੇ 250 ਪ੍ਰਾਣੀਆਂ ਅੰਮ੍ਰਿਤ ਪਾਨ ਕੀਤਾ

ਅੰਮ੍ਰਿਤਸਰ- ਸ੍ਰੀ ਗੁਰੂ ਨਾਨਕ ਦੇਵ ਜੀ ਦੀ 550 ਸਾਲਾ ਜਨਮ ਸ਼ਤਾਬਦੀ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਗੁਰਦੁਆਰਾ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਹਫਤਾਵਾਰੀ ਗੁਰਮਤਿ ਸਮਾਗਮ ਹੋਇਆ। ਸਮਾਗਮ ਵਿਚ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਗੁਰਦੇਵ ਸਿੰਘ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਨਾਲ ਨਿਹਾਲ ਕੀਤਾ। ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਹਰਪ੍ਰੀਤ ਸਿੰਘ ਵਡਾਲਾ ਜੋਹਲ ਨੇ ਕਥਾ ਕਰਦਿਆਂ ਗੁਰੂ ਸਾਹਿਬ ਵੱਲੋਂ ਬਖਸ਼ੇ ਸਿਧਾਂਤਾਂ ਅਨੁਸਾਰੀ ਜੀਵਨ ਬਤੀਤ ਕਰਨ ਦੀ ਪ੍ਰੇਰਨਾ ਕੀਤੀ। ਇਸ ਸਮੇਂ ਭਾਈ ਗੁਰਸ਼ਿਦਰ ਸਿੰਘ ਦੇ ਢਾਡੀ ਜਥੇ ਅਤੇ ਬਾਈ ਕੰਵਲਜੀਤ ਸਿੰਘ ਦੇ ਕਵੀਸ਼ਰ ਜਥੇ ਨੇ ਸੰਗਤਾਂ ਨੂੰ ਇਤਿਹਾਸ ਨਾਲ ਜੋੜਿਆ। ਸਮਾਗਮ ਦੋਰਾਨ ਸਟੇਜ ਸਕੱਤਰ ਦੀ ਸੇਵਾ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਮਨਦੀਪ ਸਿੰਘ ਅਤੇ ਬੀਬੀ ਰੁਪਿੰਦਰ ਕੌਰ ਨੇ ਨਿਭਾਈ।

ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਹੋਏ ਅੰਮ੍ਰਿਤ ਸੰਚਾਰ ਸਮੇਂ 250 ਪ੍ਰਾਣੀ ਅੰਮ੍ਰਿਤ ਦੀ ਦਾਤ ਪ੍ਰਾਪਤ ਕਰ ਗੁਰੂ ਵਾਲੇ ਬਣੇ। ਅੰਮ੍ਰਿਤ ਅਭਿਲਾਖੀਆਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ।

